ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/19489582124531/

https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 31 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243



ਦੁਨੀਆ ਦੇ ਸਭ ਤੋਂ ਵੱਡੇ ਐਕਸਚੇਂਜ Binance ਤੋਂ ਰੁ. 50,000 ਕਰੋੜ ਦੀ ਚੋਰੀ ਦਾ ਅਨੁਮਾਨ

ਨਿਊਯਾਰਕ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਦੁਨੀਆ ਦੇ ਸਭ ਤੋਂ ਵੱਡੇ ਕ੍ਰਿਪਟੋਕਰੰਸੀ ਐਕਸਚੇਂਜ, ਬਾਇਨੈਂਸ ਨੂੰ ਹੈਕ ਕਰ ਲਿਆ ਗਿਆ ਹੈ। ਇਸਨੂੰ ਇਤਿਹਾਸ ਦਾ ਸਭ ਤੋਂ ਵੱਡਾ ਕ੍ਰਿਪਟੋ ਹੈਕ ਮੰਨਿਆ ਜਾ ਰਿਹਾ ਹੈ। ਕੰਪਨੀ ਨੇ ਅਸਥਾਈ ਤੌਰ 'ਤੇ ਜਮ੍ਹਾਂ ਅਤੇ ਕਢਵਾਉਣ ਨੂੰ ਮੁਅੱਤਲ ਕਰ ਦਿੱਤਾ ਹੈ। ਕ੍ਰਿਪਟੋ ਮਾਹਿਰਾਂ ਅਤੇ ਵਿਸ਼ਲੇਸ਼ਣ ਫਰਮਾਂ ਦਾ ਅੰਦਾਜ਼ਾ ਹੈ ਕਿ ਇਸ ਹੈਕ ਵਿੱਚ 5 ਬਿਲੀਅਨ ਡਾਲਰ ਤੋਂ ਵੱਧ, ਜਾਂ ਲਗਭਗ ਰੁ. 50,000 ਕਰੋੜ ਰੁਪਏ ਦੀ ਕ੍ਰਿਪਟੋ ਚੋਰੀ ਹੋਈ ਸੀ। ਇਸ ਘਟਨਾ ਤੋਂ ਬਾਅਦ ਬਿਟਕੋਇਨ ਅਤੇ ਹੋਰ ਕ੍ਰਿਪਟੋਕਰੰਸੀਆਂ ਵਿੱਚ 5% ਤੋਂ ਵੱਧ ਦੀ ਗਿਰਾਵਟ ਆਈ। Binance ਦੇ ਡਿਜੀਟਲ ਲਾਕਰ ਵਿੱਚ ਹੇਰਾਫੇਰੀ ਹੋਈ ਹੈ। ਇੱਕ ਹੈਕਰ ਨੇ Binance ਦੇ ਸੁਰੱਖਿਆ ਸਿਸਟਮ ਵਿੱਚ ਘੁਸਪੈਠ ਕੀਤੀ ਅਤੇ ਹਜ਼ਾਰਾਂ ਕਰੋੜ ਰੁਪਏ ਦੇ ਕ੍ਰਿਪਟੋ ਸਿੱਕੇ ਚੋਰੀ ਕਰ ਲਏ। ਜਿਵੇਂ ਹੀ ਇਸਦਾ ਦਾ ਪਤਾ ਲੱਗਿਆ Binance ਨੇ ਚੋਰਾਂ ਨੂੰ ਹੋਰ ਫੰਡ ਕਢਵਾਉਣ ਤੋਂ ਰੋਕਣ ਲਈ ਗਾਹਕਾਂ ਦੇ ਜਮ੍ਹਾਂ ਅਤੇ ਕਢਵਾਉਣ ਨੂੰ ਤੁਰੰਤ ਬਲੌਕ ਕਰ ਦਿੱਤਾ। Binance ਆਪਣੇ ਗਾਹਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਫੰਡ ਸੁਰੱਖਿਅਤ ਹਨ। ਜੇਕਰ ਜਾਂਚ ਵਿੱਚ ਕਿਸੇ ਵੀ ਗਾਹਕ ਦੇ ਨੁਕਸਾਨ ਦਾ ਸਬੂਤ ਮਿਲਦਾ ਹੈ, ਤਾਂ ਕੰਪਨੀ ਉਨ੍ਹਾਂ ਨੂੰ ਮੁਆਵਜ਼ਾ ਦੇਵੇਗੀ। ਕੰਪਨੀ ਦੀਆਂ ਸੁਰੱਖਿਆ ਟੀਮਾਂ, ਅੰਤਰਰਾਸ਼ਟਰੀ ਪੁਲਿਸ ਅਤੇ ਸਾਈਬਰ ਮਾਹਰਾਂ ਦੇ ਨਾਲ ਹੈਕਰਾਂ ਦਾ ਪਤਾ ਲਗਾਉਣ ਲਈ ਕੰਮ ਕਰ ਰਹੀਆਂ ਹਨ। ਚੋਰਾਂ ਦੇ ਰਸਤੇ ਬੰਦ ਕਰ ਦਿੱਤੇ ਗਏ ਹਨ।

6 ਲੋਕਾਂ ਦੀ ਮੌਤ, ਬਚਾਅ ਕਾਰਜ ਜਾਰੀ

ਜੋਸ਼ੀਮਠ 'ਚ ਹੈਲੀਕਾਪਟਰ ਕਰੈਸ਼

ਜੋਸ਼ੀਮਠ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਉਤਰਾਖੰਡ ਵਿੱਚ ਜੋਸ਼ੀਮਠ ਨੇੜੇ ਇੱਕ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ ਹੈ। ਇਹ ਹੈਲੀਕਾਪਟਰ ਬਦਰੀਨਾਥ ਧਾਮ ਤੋਂ ਵਾਪਸ ਆ ਰਿਹਾ ਸੀ। ਜਾਣਕਾਰੀ ਅਨੁਸਾਰ, ਇਸ ਵਿੱਚ ਪਾਇਲਟ ਸਮੇਤ ਕੁੱਲ ਛੇ ਲੋਕ ਸਵਾਰ ਸਨ, ਜਿਨ੍ਹਾਂ ਵਿੱਚ ਪੰਜ ਯਾਤਰੀ ਸ਼ਾਮਲ ਸਨ। ਇਸ ਹਾਦਸੇ ਵਿੱਚ ਸਾਰੇ ਛੇ ਵਿਅਕਤੀਆਂ ਦੀ ਮੌਤ ਹੋ ਗਈ ਹੈ। ਘਟਨਾ ਦੀ ਸੂਚਨਾ ਮਿਲਣ 'ਤੇ ਪ੍ਰਸ਼ਾਸਨਿਕ ਟੀਮ ਨੂੰ ਮੌਕੇ 'ਤੇ ਭੇਜਿਆ ਗਿਆ। ਚਮੋਲੀ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ (ਏ.ਡੀ.ਐਮ.) ਵਿਵੇਕ ਪ੍ਰਕਾਸ਼ ਨੇ ਦੱਸਿਆ ਕਿ ਹੈਲੀਕਾਪਟਰ ਦੀ ਭਾਲ ਲਈ ਇਲਾਕੇ ਵਿੱਚ ਖੋਜ ਅਤੇ ਬਚਾਅ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ। ਹੈਲੀਕਾਪਟਰ ਵਿੱਚ ਪਾਇਲਟ ਸਮੇਤ ਛੇ ਲੋਕ ਸਵਾਰ ਸਨ; ਹਾਦਸੇ ਵਿੱਚ ਸਾਰੇ ਛੇ ਲੋਕਾਂ ਦੀ ਮੌਤ ਹੋ ਗਈ ਹੈ। ਬਦਰੀਨਾਥ ਧਾਮ ਦੀ ਯਾਤਰਾ ਤੋਂ ਵਾਪਸ ਆ



ਰਿਹਾ ਇਹ ਹੈਲੀਕਾਪਟਰ ਜੋਸ਼ੀਮਠ ਖੇਤਰ ਵਿੱਚ ਲਾਪਤਾ ਹੋ ਗਿਆ ਸੀ। ਰਿਪੋਰਟਾਂ ਮੁਤਾਬਕ, ਹੈਲੀਕਾਪਟਰ ਬਦਰੀਨਾਥ ਤੋਂ ਉਡਾਣ ਭਰਨ ਤੋਂ ਬਾਅਦ ਵਾਪਸੀ ਦੇ ਸਫ਼ਰ 'ਤੇ ਸੀ, ਜਦੋਂ ਜੋਸ਼ੀਮਠ ਦੇ ਮਾਰਵਾੜੀ ਇਲਾਕੇ ਨੇੜੇ, 'ਚਾਈ' ਪਿੰਡ ਦੀਆਂ ਪਹਾੜੀਆਂ ਕੋਲ ਇਸ ਦਾ ਸੰਪਰਕ ਟੁੱਟ ਗਿਆ। ਇਹ ਪੁਸ਼ਟੀ ਹੋ ਗਈ ਹੈ ਕਿ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ ਹੈ। ਉਤਰਾਖੰਡ ਦੇ ਜੋਸ਼ੀਮਠ ਖੇਤਰ ਵਿੱਚ ਇੱਕ ਦੁਖਦਾਈ ਹੈਲੀਕਾਪਟਰ ਹਾਦਸਾ ਵਾਪਰਿਆ ਹੈ। ਉਪਲਬਧ ਜਾਣਕਾਰੀ ਅਨੁਸਾਰ, 'ਟ੍ਰਾਂਸ ਭਾਰਤ' ਕੰਪਨੀ ਦਾ ਇਹ ਹੈਲੀਕਾਪਟਰ ਜਿਸ ਦਾ ਰਜਿਸਟ੍ਰੇਸ਼ਨ ਨੰਬਰ VT-HCX ਹੈ ਬਦਰੀਨਾਥ ਧਾਮ ਤੋਂ ਵਾਪਸ ਆ ਰਿਹਾ ਸੀ। ਵਾਪਸੀ ਦੇ ਸਫ਼ਰ ਦੌਰਾਨ, ਜੋਸ਼ੀਮਠ ਦੇ ਮਾਰਵਾੜੀ ਇਲਾਕੇ ਦੇ ਨੇੜੇ 'ਚਾਈ' ਪਿੰਡ ਦੀਆਂ ਪਹਾੜੀਆਂ ਕੋਲ ਹੈਲੀਕਾਪਟਰ ਨਾਲ ਸੰਪਰਕ ਅਚਾਨਕ ਟੁੱਟ ਗਿਆ, ਜਿਸ ਕਾਰਨ ਇਹ ਖਦਸ਼ਾ ਜਤਾਇਆ ਗਿਆ ਕਿ ਇਹ ਹਾਦਸੇ ਦਾ ਸ਼ਿਕਾਰ ਹੋ ਗਿਆ ਹੈ।

ਜਲੰਧਰ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ 'ਧਮਕੀ'

ਜਲੰਧਰ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਜਲੰਧਰ ਸ਼ਹਿਰ ਦੇ ਨਾਮੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਮਗਰੋਂ ਪੁਲਸ ਪ੍ਰਸ਼ਾਸਨ ਅਲਰਟ ਹੋ ਗਿਆ। ਧਮਕੀ ਭਰੀ ਈ-ਮੇਲ ਮਿਲਣ ਤੋਂ ਬਾਅਦ ਪੁਲਸ ਦੀਆਂ ਟੀਮਾਂ ਨੇ ਸਕੂਲਾਂ 'ਚ ਪਹੁੰਚ ਕੇ ਸਰਚ ਆਪ੍ਰੇਸ਼ਨ ਚਲਾਇਆ। ਇਸ ਦੌਰਾਨ ਬੰਬ ਡਿਸਪੋਜ਼ਲ ਟੀਮ ਅਤੇ ਹੋਰ ਪੁਲਸ ਟੀਮਾਂ ਨੇ ਸਕੂਲ ਕੈਂਪਸਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਹਾਲਾਂਕਿ, ਚੈਕਿੰਗ ਦੌਰਾਨ ਕੋਈ ਵੀ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ। ਪੁਲਸ ਨੇ ਮੰਡੀ ਰੋਡ ਸਥਿਤ ਸੇਂਟ ਸੋਲਜਰ ਸਕੂਲ 'ਚ ਵੀ ਚੈਕਿੰਗ ਕੀਤੀ। ਮੌਕੇ 'ਤੇ ਪਹੁੰਚੇ ਏ. ਸੀ. ਪੀ. ਨੌਰਥ ਕਰਨੈਲ ਸਿੰਘ ਨੇ ਦੱਸਿਆ ਕਿ ਤਿੰਨ ਸਕੂਲਾਂ ਨੂੰ ਧਮਕੀ ਭਰੀ ਈ-ਮੇਲ ਭੇਜੀ ਗਈ ਸੀ। ਇਨ੍ਹਾਂ 'ਚ ਦਯਾਨੰਦ ਮਾਡਲ ਸਕੂਲ, ਸਿਟੀ ਪਬਲਿਕ ਸਕੂਲ ਅਤੇ ਸੇਂਟ ਸੋਲਜਰ ਸਕੂਲ ਸ਼ਾਮਲ ਹਨ। ਈ-ਮੇਲ 'ਚ ਬੰਬ ਹੋਣ ਦਾ ਸ਼ੱਕ ਜਤਾਇਆ ਗਿਆ ਸੀ, ਜਿਸ ਤੋਂ ਬਾਅਦ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਸਾਰੇ ਸਕੂਲਾਂ ਦੀ ਜਾਂਚ ਕਰਵਾਈ। ਏ. ਸੀ. ਪੀ. ਨੇ ਦੱਸਿਆ ਕਿ ਜਾਂਚ ਦੌਰਾਨ ਕੋਈ ਵੀ ਸ਼ੱਕੀ ਵਸਤੂ ਨਹੀਂ ਮਿਲੀ। ਸਕੂਲਾਂ 'ਚ ਚੈਕਿੰਗ ਦੇ ਸਮੇਂ ਬੱਚੇ ਆਪਣੀਆਂ ਕਲਾਸਾਂ 'ਚ ਹੀ ਮੌਜੂਦ ਸਨ ਅਤੇ ਸਕੂਲਾਂ 'ਚ ਛੁੱਟੀ ਨਹੀਂ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਪੁਲਸ ਦਾ ਤਕਨੀਕੀ ਸੈੱਲ ਈ-ਮੇਲ ਦੀ ਜਾਂਚ ਕਰ ਰਿਹਾ ਹੈ, ਤਾਂ ਜੋ ਪਤਾ ਲਗਾਇਆ ਜਾ ਸਕੇ ਕਿ ਧਮਕੀ ਭਰੀ ਮੇਲ ਕਿੱਥੋਂ ਭੇਜੀ ਗਈ ਸੀ। ਇਸ ਪਿੱਛੇ ਜ਼ਿੰਮੇਵਾਰ ਵਿਅਕਤੀ ਦੀ ਪਛਾਣ ਕਰਕੇ ਉਸ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਏ. ਸੀ. ਪੀ. ਨੇ ਕਿਹਾ ਕਿ ਕੁਝ ਸ਼ਰਾਰਤੀ ਅਨਸਰ ਇਸ ਤਰ੍ਹਾਂ ਦੀਆਂ ਧਮਕੀ ਭਰੀਆਂ ਈ-ਮੇਲਾਂ ਭੇਜ ਕੇ ਲੋਕਾਂ 'ਚ ਡਰ ਦਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਕਰਦੇ ਹਨ। ਉਨ੍ਹਾਂ ਨੇ ਮਾਪਿਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਘਬਰਾਉਣ ਦੀ ਲੋੜ ਨਹੀਂ ਹੈ। ਪੁਲਸ ਬੱਚਿਆਂ ਅਤੇ ਸਕੂਲਾਂ ਦੀ ਸੁਰੱਖਿਆ ਨੂੰ ਲੈ ਕੇ ਪੂਰੀ ਤਰ੍ਹਾਂ ਸੁਚੇਤ ਹੈ।

ਪਰਵਿੰਦਰ ਝੋਟਾ ਤੇ ਗੁਲਜ਼ਾਰ ਸਿੰਘ ਦੇ ਪਰਿਵਾਰ ਨੂੰ ਕੇਂਦਰ ਨੇ ਦਿੱਤੀ ਸੁਰੱਖਿਆ, ਮਾਨਸਾ ਪਹੁੰਚੀ ਸੀ. ਆਰ. ਪੀ. ਐਫ.

ਮਾਨਸਾ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਕੇਂਦਰ ਸਰਕਾਰ ਨੇ ਵੱਡਾ ਕਦਮ ਚੁੱਕਦਿਆਂ ਮਰਹੂਮ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਅਤੇ ਤੂਰ ਵਣਜਾਰਾ ਦੇ ਗੁਲਜ਼ਾਰ ਸਿੰਘ ਦੇ ਪਰਿਵਾਰ ਨੂੰ ਸੀ. ਆਰ. ਪੀ. ਐੱਫ. ਦੀ ਸੁਰੱਖਿਆ ਦੇ ਦਿੱਤੀ ਹੈ। ਇਸ ਸੁਰੱਖਿਆ ਅਮਿਤ ਸ਼ਾਹ ਦੀ ਫੇਰੀ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਦਰਅਸਲ ਅਜੇ ਕੁਝ ਦਿਨ ਪਹਿਲਾਂ ਕੇਂਦਰੀ ਮੰਤਰੀ ਅਮਿਤ ਸ਼ਾਹ ਮਰਹੂਮ ਪਰਵਿੰਦਰ ਸਿੰਘ ਝੋਟਾ ਅਤੇ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਗਏ ਸਨ। ਉਨ੍ਹਾਂ ਨੇ ਪਰਿਵਾਰਾਂ ਨੂੰ ਇਨਸਾਫ ਦਵਾਉਣ ਅਤੇ ਉਨ੍ਹਾਂ ਦੀ ਸੁਰੱਖਿਆ ਦਾ ਭਰੋਸਾ ਦਿੱਤਾ ਸੀ। ਸ਼ਾਹ ਦੇ ਦੌਰੇ ਤੋਂ ਤੁਰੰਤ ਬਾਅਦ ਹੀ ਸੀ. ਬੀ. ਆਈ. ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਅਤੇ ਹੁਣ ਦੋਵਾਂ ਪਰਿਵਾਰਾਂ ਨੂੰ ਕੇਂਦਰ ਵੱਲੋਂ ਸੁਰੱਖਿਆ ਵੀ ਮੁਹੱਈਆ ਕਰਵਾ ਦਿੱਤੀ ਗਈ ਹੈ।



ਪਰਵਿੰਦਰ ਝੋਟੇ ਦੇ ਇਨਸਾਫ ਲਈ ਲੱਗੇ ਧਰਨੇ ਵਿਚਾਲੇ ਮਾਨਸਾ ਪਹੁੰਚੀ ਸੀ. ਆਰ. ਪੀ. ਐੱਫ. : ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਪਰਵਿੰਦਰ ਸਿੰਘ ਝੋਟਾ ਅਤੇ ਗੁਲਜ਼ਾਰ ਸਿੰਘ ਦੇ ਪਰਿਵਾਰਾਂ ਲਈ 'ਐਕਸ' ਸ਼੍ਰੇਣੀ ਦੀ ਸੁਰੱਖਿਆ ਨੂੰ ਮਨਜ਼ੂਰੀ ਦਿੱਤੇ ਜਾਣ ਤੋਂ ਬਾਅਦ ਅੱਜ ਸੀ. ਆਰ. ਪੀ. ਐੱਫ. ਦੀ ਟੀਮ ਮਾਨਸਾ ਵਿਚ ਪਹੁੰਚ ਗਈ ਹੈ। ਇਸ ਸੁਰੱਖਿਆ ਨੂੰ ਅਮਿਤ ਸ਼ਾਹ ਦੀ ਫੇਰੀ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਦਰਅਸਲ ਅਜੇ ਕੁਝ ਦਿਨ ਪਹਿਲਾਂ ਕੇਂਦਰੀ ਮੰਤਰੀ ਅਮਿਤ ਸ਼ਾਹ ਮਰਹੂਮ ਪਰਵਿੰਦਰ ਸਿੰਘ ਝੋਟਾ ਅਤੇ ਗੁਲਜ਼ਾਰ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਗਏ ਸਨ। ਉਨ੍ਹਾਂ ਨੇ ਪਰਿਵਾਰਾਂ ਨੂੰ ਇਨਸਾਫ ਦਵਾਉਣ ਅਤੇ ਉਨ੍ਹਾਂ ਦੀ ਸੁਰੱਖਿਆ ਦਾ ਭਰੋਸਾ ਦਿੱਤਾ ਸੀ। ਸ਼ਾਹ ਦੇ ਦੌਰੇ ਤੋਂ ਤੁਰੰਤ ਬਾਅਦ ਹੀ ਸੀ. ਬੀ. ਆਈ. ਵੱਲੋਂ ਜਾਂਚ ਸ਼ੁਰੂ ਕਰ ਦਿੱਤੀ ਗਈ ਅਤੇ ਹੁਣ ਦੋਵਾਂ ਪਰਿਵਾਰਾਂ ਨੂੰ ਕੇਂਦਰ ਵੱਲੋਂ ਸੁਰੱਖਿਆ ਵੀ ਮੁਹੱਈਆ ਕਰਵਾ ਦਿੱਤੀ ਗਈ ਹੈ। ਇਥੇ ਇਹ ਵੀ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਗੁਲਜ਼ਾਰ ਸਿੰਘ ਵੱਲੋਂ ਮੰਤਰੀ ਚੀਮਾ ਨਾਲ ਹੋਈ ਇਕ ਮੀਟਿੰਗ ਵਿਚ ਨਸ਼ਿਆਂ ਦੇ ਮੁੱਦੇ 'ਤੇ ਚਿੰਤਾ ਜ਼ਾਹਰ ਕਰਨ ਤੋਂ ਇਕ ਦਿਨ ਬਾਅਦ ਉਨ੍ਹਾਂ ਦੀ ਮੌਤ ਹੋ ਗਈ ਸੀ, ਜਦਕਿ ਨਸ਼ਾ ਵਿਰੋਧੀ ਕਾਰਕੁਨ ਝੋਟਾ ਦੀ ਮਾਨਸਾ ਵਿਚ ਦਿਨ-ਦਿਹਾੜੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ।

ਪੰਜਾਬ ਪੁਲਿਸ ਦਾ ਏਐੱਸਆਈ ਚਿੱਟੇ ਦਾ ਸੇਵਨ ਕਰਦਿਆਂ ਫੜਿਆ, ਲੋਕਾਂ ਨੇ ਕੀਤੀ ਕੁੱਟਮਾਰ ਤੇ ਤੋੜੇ ਸ਼ੋਅਰੂਮ ਦੇ ਸ਼ੀਸ਼ੇ

ਮਾਨਸਾ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਮਾਨਸਾ ਜ਼ਿਲ੍ਹੇ ਦੇ ਬੁਢਲਾਡਾ ਵਿੱਚ ਪੰਜਾਬ ਪੁਲਿਸ ਦੇ ਇੱਕ ਏਐੱਸਆਈ ਨੂੰ ਲੋਕਾਂ ਨੇ ਸਥਾਨਕ ਆਈਟੀਆਈ ਚੌਕ ਵਿੱਚ ਕਥਿਤ ਤੌਰ 'ਤੇ ਚਿੱਟੇ ਦਾ ਸੇਵਨ ਕਰਦਿਆਂ ਫੜ ਲਿਆ। ਇਸ ਤੋਂ ਬਾਅਦ ਲੋਕਾਂ ਨੇ ਉਸ ਨਾਲ ਕੁੱਟਮਾਰ ਵੀ ਕੀਤੀ। ਪੁਲਿਸ ਮੁਲਾਜ਼ਮ ਦੀ ਪਛਾਣ ਸਹਿਜਪ੍ਰੀਤ ਸਿੰਘ ਵਜੋਂ ਦੱਸੀ ਜਾ ਰਹੀ ਹੈ। ਉਹ ਜਹਾਨ ਖੇਲਾਂ ਵਿੱਚ ਤਾਇਨਾਤ ਹੈ ਅਤੇ ਬੁਢਲਾਡਾ ਵਿੱਚ ਡਿਊਟੀ ਲਈ ਆਇਆ ਹੋਇਆ ਸੀ। ਜਿਸ 'ਤੇ ਕਾਰਵਾਈ ਕਰਦਿਆਂ ਬੁਢਲਾਡਾ ਪੁਲਿਸ ਵੱਲੋਂ ਉਕਤ ਪੁਲਿਸ ਮੁਲਾਜ਼ਮ ਦਾ ਡੋਪ ਟੈਸਟ ਕਰਵਾਇਆ ਗਿਆ ਜੋ ਕਿ ਪੋਜੀਟਿਵ ਆਇਆ। ਇਸ ਮਗਰੋਂ ਥਾਣਾ ਬੁਢਲਾਡਾ ਵਿਖੇ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਸਥਾਨਕ ਪੁਲਿਸ ਵੱਲੋਂ ਮੁਲਾਜ਼ਮ ਨੂੰ ਕਾਬੂ ਕਰਨ ਦੀ ਕਾਰਵਾਈ ਕੀਤੀ ਗਈ। ਇਸ ਦੌਰਾਨ ਪੁਲਿਸ ਦੀ ਕੁਝ ਲੋਕਾਂ ਨਾਲ ਝੜਪ ਵੀ ਹੋ ਗਈ। ਇਸ ਤੋਂ ਬਾਅਦ ਪੁਲਿਸ ਉਕਤ ਮੁਲਾਜ਼ਮ ਨੂੰ ਇੱਕ ਆਟੋ ਸ਼ੋਅਰੂਮ ਵਿੱਚ ਲੈ ਗਈ। ਇਸ 'ਤੇ ਗੁੱਸੇ ਵਿੱਚ ਆਏ ਲੋਕਾਂ ਨੇ ਮੁਲਾਜ਼ਮ ਵਿਰੁੱਧ ਪ੍ਰਦਰਸ਼ਨ ਕਰਦਿਆਂ ਸ਼ੋਅਰੂਮ ਦੇ ਸ਼ੀਸ਼ੇ ਤੋੜ ਦਿੱਤੇ। ਇਸ ਘਟਨਾ ਤੋਂ ਬਾਅਦ ਸਥਾਨਕ ਲੋਕਾਂ ਦੇ ਨਾਲ-ਨਾਲ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਅਤੇ ਵਰਕਰਾਂ ਨੇ ਆਈਟੀਆਈ ਚੌਕ ਵਿੱਚ ਧਰਨਾ



ਲਗਾ ਦਿੱਤਾ। ਇਸ ਘਟਨਾ ਤੋਂ ਬਾਅਦ ਲੋਕਾਂ ਵਿੱਚ ਰੋਸ ਫੈਲ ਗਿਆ ਅਤੇ ਉਨ੍ਹਾਂ ਨੇ ਸੜਕ ਜਾਮ ਕਰ ਕੇ ਪੁਲੀਸ ਮੁਲਾਜ਼ਮ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਪ੍ਰਦਰਸ਼ਨਕਾਰੀਆਂ ਨੇ ਨੇੜਲੇ ਇੱਕ ਆਟੋਮੋਬਾਈਲ ਸ਼ੋਅਰੂਮ ਦੇ ਗੇਟ ਦਾ ਸ਼ੀਸ਼ਾ ਵੀ ਭੰਨ ਦਿੱਤਾ, ਜਿੱਥੇ ਕੁਝ ਪੁਲੀਸ ਮੁਲਾਜ਼ਮ ਏ.ਐੱਸ.ਆਈ. ਨੂੰ ਇਕੱਠ ਤੋਂ ਬਚਾਉਣ ਲਈ ਲੈ ਗਏ ਸਨ। ਮੌਕੇ 'ਤੇ ਮੌਜੂਦ ਬੁਢਲਾਡਾ ਸਿਟੀ ਥਾਣੇ ਦੇ ਐੱਸ.ਐੱਚ.ਓ. ਇੰਸਪੈਕਟਰ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਪੁਲੀਸ ਨੂੰ ਏ.ਐੱਸ.ਆਈ. ਦੀ ਪਛਾਣ ਬਾਰੇ ਜਾਣਕਾਰੀ ਨਹੀਂ ਹੈ ਅਤੇ ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਪੁਲੀਸ ਨੂੰ ਉਸ ਦੇ ਵੇਰਵਿਆਂ ਦੀ ਤਸਦੀਕ ਕਰਨ ਦੀ ਇਜਾਜ਼ਤ ਦੇਣ। ਬੁਢਲਾਡਾ ਸਦਰ ਥਾਣੇ ਦੇ ਐੱਸ.ਐੱਚ.ਓ. ਸਬ-ਇੰਸਪੈਕਟਰ ਮੇਲਾ ਸਿੰਘ ਵੀ ਮੌਕੇ 'ਤੇ ਹਾਜ਼ਰ ਸਨ। ਬਾਅਦ ਵਿੱਚ ਐੱਸ.ਪੀ. ਨਰਿੰਦਰ ਸਿੰਘ ਮੌਕੇ 'ਤੇ ਪਹੁੰਚੇ ਅਤੇ ਉਨ੍ਹਾਂ ਧਰਨਾਕਾਰੀਆਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਬੁਢਲਾਡਾ ਸ਼ਹਿਰ 'ਚ ਏਐੱਸਆਈ ਸਹਿਜਪ੍ਰੀਤ ਸਿੰਘ ਜੋ ਕਿ ਜਹਾਨ ਖੇਲਾਂ ਵਿਖੇ ਟ੍ਰੇਨਿੰਗ ਕਰ ਰਿਹਾ ਸੀ, ਨੂੰ ਲੋਕਾਂ ਨੇ ਨਸ਼ਾ ਕਰਦੇ ਕਾਬੂ ਕੀਤਾ। ਉਸਦਾ ਡੋਪ ਟੈਸਟ ਕਰਵਾਇਆ ਗਿਆ ਜੋ ਪੋਜਟਿਵ ਆਉਣ 'ਤੇ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਸ਼ੋਅਰੂਮ ਮਾਲਕ ਨੇ ਵੀ ਪੁਲੀਸ ਅਧਿਕਾਰੀ ਦੇ ਇਸ ਕਥਿਤ ਵਤੀਰੇ ਦੀ ਨਿਖੇਧੀ ਕੀਤੀ ਅਤੇ ਉਸ ਵਿਰੁੱਧ ਕਾਰਵਾਈ ਦੀ ਮੰਗ ਕੀਤੀ।

'ਆਪ' ਵਿਧਾਇਕ ਦੇਵ ਮਾਨ ਦਾ ਕਰੀਬੀ ਸਰਪੰਚ ਮੁਅੱਤਲ, ਨਾਜਾਇਜ਼ ਮਾਈਨਿੰਗ ਸਮੇਤ ਕਈ ਗੰਭੀਰ ਇਲਜ਼ਾਮ

ਚੰਡੀਗੜ੍ਹ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ 'ਚ ਵਿਰੋਧੀ ਧਿਰਾਂ ਵੱਲੋਂ ਵੱਡੇ ਪੱਧਰ 'ਤੇ ਨਾਜਾਇਜ਼ ਮਾਈਨਿੰਗ ਦਾ ਮੁੱਦਾ ਚੁੱਕਿਆ ਜਾਂਦਾ ਹੈ। ਹੁਣ ਅਜਿਹਾ ਹੀ ਮਾਮਲਾ, ਨਾਭਾ ਦੇ ਪਿੰਡ ਕੋਟ ਕਲਾਂ 'ਚ ਸਾਹਮਣੇ ਆਇਆ ਹੈ, ਜਿਥੇ ਅਮਨਦੀਪ ਸਿੰਘ ਨੂੰ ਨਾਜਾਇਜ਼ ਮਾਈਨਿੰਗ ਦੇ ਇਲਜ਼ਾਮਾਂ ਅਧੀਨ ਮੁਅੱਤਲ ਕਰ ਦਿੱਤਾ ਗਿਆ ਹੈ। ਸਰਪੰਚ ਖਿਲਾਫ਼ ਵਿਰੋਧੀ ਧਿਰ ਦੇ ਪੰਚ ਤੇ ਪਿੰਡ ਵਾਸੀਆਂ ਵੱਲੋਂ ਸ਼ਿਕਾਇਤ ਕੀਤੀ ਗਈ ਸੀ। ਦੱਸਿਆ ਜਾ ਰਿਹਾ ਹੈ ਕਿ ਸਰਪੰਚ, ਆਮ ਆਦਮੀ ਪਾਰਟੀ ਦੇ ਵਿਧਾਇਕ ਦੇਵ ਮਾਨ ਦਾ ਕਾਫੀ ਕਰੀਬੀ ਹੈ। ਇਸ ਨੇੜਤਾ ਦੀਆਂ ਤਸਵੀਰਾਂ ਵੀ ਸਾਹਮਣੇ ਆਈਆਂ ਹਨ। ਸਰਪੰਚ 'ਤੇ



ਸ਼ਾਮਲਾਟ ਜ਼ਮੀਨ 'ਚ ਬਿਨਾਂ ਪੰਚਾਇਤ ਦੀ ਮਨਜ਼ੂਰੀ ਮਾਈਨਿੰਗ ਕਰਨ ਅਤੇ ਸ਼ਾਮਲਾਟ ਜ਼ਮੀਨ ਦੇ ਉਪਰ ਘਰ ਬਣਾਉਣ ਦੇ ਇਲਜ਼ਾਮ ਲੱਗੇ ਹਨ। ਇਸ ਸ਼ਿਕਾਇਤ 'ਤੇ ਹੀ ਕਾਰਵਾਈ ਕਰਦੇ ਹੋਏ ਪੰਚਾਇਤ ਵਿਭਾਗ ਵੱਲੋਂ ਸਰਪੰਚ ਖਿਲਾਫ਼ ਕਾਰਵਾਈ ਕੀਤੀ ਗਈ ਹੈ ਅਤੇ ਮੁਅੱਤਲੀ ਤਹਿਤ ਅਗਲੇ ਹੁਕਮਾਂ ਤੱਕ ਕਿਸੇ ਵੀ ਮੀਟਿੰਗ 'ਚ ਸ਼ਾਮਿਲ ਹੋਣ 'ਤੇ ਵੀ ਮੁਕੰਮਲ ਰੋਕ ਲਾਈ ਗਈ ਹੈ। ਜਾਣਕਾਰੀ ਅਨੁਸਾਰ, ਵਿਰੋਧੀ ਧਿਰ ਦੇ ਪੰਚਾਂ ਅਤੇ ਪਿੰਡ ਵਾਸੀਆਂ ਵੱਲੋਂ ਸਰਪੰਚ ਅਮਨਦੀਪ ਸਿੰਘ ਖ਼ਿਲਾਫ਼ ਕਈ ਸ਼ਿਕਾਇਤਾਂ ਕੀਤੀਆਂ ਗਈਆਂ ਸਨ। ਸ਼ਿਕਾਇਤਾਂ ਵਿੱਚ ਪੰਚਾਇਤੀ ਜ਼ਮੀਨ ਵਿੱਚੋਂ ਬਿਨਾਂ ਮਨਜ਼ੂਰੀ ਮਿੱਟੀ ਪੁੱਟਣ ਅਤੇ ਮਾਈਨਿੰਗ ਕਰਵਾਉਣ, ਖਸਰਾ ਨੰਬਰ 190 ਦੀ ਪੰਚਾਇਤੀ ਪਹੀ 'ਤੇ ਮਕਾਨ ਬਣਾ ਕੇ ਨਾਜਾਇਜ਼ ਕਬਜ਼ਾ ਕਰਨ, ਪੰਚਾਇਤ ਮੈਂਬਰ ਮਨਜੀਤ ਕੌਰ ਦੇ ਜਾਅਲੀ ਦਸਤਖ਼ਤ ਕਰਕੇ ਗੈਰ-ਕਾਨੂੰਨੀ ਕੰਮ ਕਰਨ ਅਤੇ ਪੰਚਾਇਤੀ ਫੰਡਾਂ ਅਤੇ ਗ੍ਰਾਂਟਾਂ ਵਿੱਚ ਘਪਲੇ ਕਰਨ ਦੇ ਇਲਜ਼ਾਮ ਲਾਏ ਗਏ ਸਨ। ਸ਼ਿਕਾਇਤ ਮੁਤਾਬਕ ਸੁਖਮੀਤ ਸਿੰਘ ਵੱਲੋਂ ਅਮਨਦੀਪ ਸਿੰਘ ਦੀ ਸਰਪੰਚੀ ਜਿੱਤ ਨੂੰ ਚੁਣੌਤੀ ਦਿੱਤੀ ਗਈ ਹੈ। ਸ਼ਿਕਾਇਤ ਵਿੱਚ ਦੋਸ਼ ਲਾਇਆ ਗਿਆ ਕਿ ਅਮਨਦੀਪ ਸਿੰਘ ਨੂੰ ਸਿਆਸੀ ਦਬਾਅ ਹੇਠ ਧੱਕੇ ਨਾਲ ਸਰਪੰਚ ਜੇਤੂ ਕਰਾਰ ਦਿੱਤਾ ਗਿਆ ਸੀ। ਇਸ ਸਬੰਧੀ ਸੁਖਮੀਤ ਸਿੰਘ ਵੱਲੋਂ ਐਸ.ਡੀ.ਐਮ. ਨਾਭਾ ਦੀ ਅਦਾਲਤ ਵਿੱਚ ਚੋਣ ਨਤੀਜੇ ਨੂੰ ਚੁਣੌਤੀ ਦਿੰਦੀ ਪਟੀਸ਼ਨ ਦਾਇਰ ਹੋਣ ਦੀ ਗੱਲ ਵੀ ਹੁਕਮਾਂ ਵਿੱਚ ਦਰਜ ਹੈ। ਮਾਮਲਾ ਉਸ ਸਮੇਂ ਵਿਚਾਰ ਅਧੀਨ ਦੱਸਿਆ ਗਿਆ ਹੈ। ਡੀਡੀਪੀਓ ਪਟਿਆਲਾ ਨੇ ਜਾਂਚ ਦੌਰਾਨ ਪਾਇਆ ਕਿ ਪਿੰਡ ਕੋਟ ਕਲਾਂ ਵਿੱਚ ਮਿੱਟੀ ਪੁੱਟਣ ਲਈ ਪੰਚਾਇਤ ਜਾਂ ਸਬੰਧਤ ਮਾਈਨਿੰਗ ਵਿਭਾਗ ਤੋਂ ਮਨਜ਼ੂਰੀ ਨਹੀਂ ਲਈ ਗਈ ਸੀ।



ਬੱਬਰ ਖਾਲਸਾ ਵਲੋਂ

ਸ਼ਹੀਦ ਭਾਈ ਬੇਅੰਤ ਸਿੰਘ

ਦੀ ਸ਼ਹਾਦਤ ਨੂੰ

ਕੋਟਿ ਕੋਟਿ ਪ੍ਰਣਾਮ।

ਬੱਬਰ ਖਾਲਸਾ ਜਰਮਨੀ ਦੇ ਸਿੰਘਾਂ **ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸ਼ਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਬੱਬਰ ਦਲਜੀਤ ਸਿੰਘ ਕਸ਼ਮੀਰ, ਭਾਈ ਪਰਗਟ ਸਿੰਘ ਬੱਬਰ ਅਤੇ ਭਾਈ ਬਲਜਿੰਦਰ ਸਿੰਘ ਬੱਬਰ** ਆਦਿ ਸਿੰਘਾਂ ਨੇ

ਅਕਾਲ ਤਖਤ ਜਾਹਿਬ ਨੂੰ ਦਹਿ ਢੇਰੀ ਕਰਨ ਵਾਲੀ **ਪਾਪਣ ਇੰਦਰਾ ਗਾਂਧੀ** ਨੂੰ ਨਰਕਾਂ ਨੂੰ ਤੋਰਨ ਵਾਲੇ **ਸ਼ਹੀਦ ਭਾਈ ਬੇਅੰਤ ਸਿੰਘ, ਸ਼ਹੀਦ ਭਾਈ ਸ਼ਤਵੰਤ ਸਿੰਘ ਅਤੇ ਸ਼ਹੀਦ ਭਾਈ ਕੇਹਰ ਸਿੰਘ** ਦੀ ਸ਼ਹਾਦਤ ਨੂੰ ਪ੍ਰਣਾਮ ਕਰਦਿਆਂ ਕਿਹਾ ਕਿ ਇਨ੍ਹਾਂ ਸਿੰਘਾਂ ਨੇ ਇੱਕ ਵੱਖਰਾ ਸੁਨੇਹਾ ਦਿੱਦਿਆਂ ਇਹ ਦਿਖਾ ਦਿੱਤਾ ਕਿ ਸਿੱਖ ਆਪਣੇ ਗੁਰਧਾਮਾਂ ਤੇ ਹਮਲਾ ਕਰਨ ਵਾਲਿਆਂ ਨੂੰ ਕਦੇ ਬਖਸ਼ਦੇ ਨਹੀਂ। ਇਥੇ ਇਨ੍ਹਾਂ ਨੇ ਕੌਮ ਨੂੰ ਇਹ ਵੀ ਦਰਸਾ ਦਿੱਤਾ ਕਿ ਇਹ ਜਥੇਬੰਦੀਆਂ ਦਾ ਹੀ ਕੰਮ ਨਹੀਂ ਸਗੋਂ ਹਰ ਸਿੱਖ ਆਪਣੇ ਤੌਰ ਤੇ ਆਪਣੇ ਉੱਚ ਅਹੁਦ੍ਹਿਆਂ ਦੀ ਪਰਵਾਹ ਨਾ ਕਰਾਦਿਆਂ ਹੋਇਆਂ ਵੀ ਪਾਪੀਆਂ ਨੂੰ ਸੋਧਾ ਲਾ ਸਕਦਾ ਹੈ। ਭਾਵੇਂ ਇਸ ਦੀ ਕੋਈ ਵੀ ਕੀਮਤ ਕਿਉਂ ਨਾ ਚੁਕਾਉਂਣੀ ਪਵੇ।

ਸ਼ਹੀਦ ਭਾਈ ਬੇਅੰਤ ਸਿੰਘ 31 ਅਕਤੂਬਰ 1984 ਨੂੰ ਹੀ ਪਾਪਣ ਇੰਦਰਾ ਨੂੰ ਸੋਧ ਕੇ ਆਪ ਸ਼ਹਾਦਤ ਦਾ ਜਾਮ ਪੀ ਗਏ ਸਨ।

ਸੰਘਰਸ਼ ਅੱਜ ਵੀ ਜਾਰੀ ਹੈ।

ਭਾਰਤ ਸਰਕਾਰ ਦਾ ਸਿਖਾਂ ਅਤੇ ਪੰਜਾਬ ਨੂੰ ਖਾਂਤਮ ਕਰਨ ਦਾ ਪੂਰਾ ਜ਼ੋਰ ਲੱਗਾ ਹੋਇਆ ਹੈ। ਇਹ ਭਾਵੇਂ ਨਸ਼ਿਆਂ ਦਵਾਰਾ ਹੋਏ, ਭਾਵੇਂ ਸਿੱਖ ਹੱਕਾਂ ਲਈ ਲੜਨ ਵਾਲੇ ਸਿੰਘਾਂ ਨੂੰ ਗੋਲੀਆਂ ਮਾਰਕੇ ਜਾਂ ਹੋਰ ਵੱਖੋ ਵੱਖ ਢੰਗਾਂ ਦਵਾਰਾ ਖਤਮ ਕਰਨਾ ਹੋਵੇ।

ਭਾਈ ਪਰਮਿੰਦਰ ਸਿੰਘ ਭੋਟੇ ਦੀ ਤਾਜ਼ਾ ਮਿਸਾਲ ਤੁਹਾਡੇ ਸਾਹਮਣੇ ਹੈ। **ਲੱਖਾ ਸਿਧਾਣਾ** ਅੇਤੇ **ਭਾਨੇ ਸਿੱਧੂ** ਵਰਗੇ ਅਨੇਕਾਂ ਹੀ ਨੌਜਵਾਨ ਤਸ਼ੱਦਦ ਦਾ ਸਿਕਾਰ ਹੋ ਰਹੇ ਹਨ। ਅਨੇਕਾਂ ਹੀ ਸਿੰਘ ਸਜ਼ਾਵਾਂ ਪੂਰੀਆਂ ਹੋਣ ਤੋਂ ਵੀ ਜੇਲ੍ਹਾਂ ਵਿੱਚ ਬੱਦ ਹਨ। ਇਥੋਂ ਤੱਕ ਕਿ ਸਭ ਤੋਂ ਵੱਧ ਵੋਟਾਂ ਨਾਲ ਚੁਣੇ **ਐਮ.ਪੀ.ਭਾਈ ਅਮ੍ਰਿਤਪਾਲ ਸਿੰਘ** ਨੂੰ ਜੇਲ੍ਹ ਵਿੱਚ ਡੱਕਿਆਂ ਹੋਇਆਂ ਹੈ।

ਆਪਣੀਆਂ ਹੱਕੀ ਮੰਗਾਂ ਲਈ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਅਨੇਕਾਂ ਮੋਰਚੇ ਚੱਲ ਰਹੇ ਹਨ। ਜਿਹਨਾਂ ਵਿੱਚੋਂ ਸਿੱਖਾਂ ਨੂੰ ਖੱਜਲ ਖੁਆਰੀ ਹੀ ਮਿਲ ਰਹੀ ਹੈ। 1947 ਤੋਂ ਅੱਜ ਤੱਕ ਦੇ ਵਰਤਾਰਿਆਂ ਤੋਂ ਇਹ ਗੱਲ ਭਲੀਭਾਂਤ ਕਲੀਅਰ ਹੋ ਗਈ ਹੈ ਕਿ ਸਿੱਖਾਂ ਨੂੰ ਭਾਰਤ ਸਰਕਾਰ ਹਮੇਸ਼ਾਂ ਦੁਸ਼ਮਣ ਦੀ ਤਰ੍ਹਾਂ ਵੇਖ ਰਹੀ ਹੈ।

ਆਪਣੀ ਹੋਂਦ ਨੂੰ ਬਚਾਉਣ ਲਈ ਇੱਕੋ ਇੱਕ ਹੱਲ ਖ਼ਾਲਿਸਤਾਨ ਹੀ ਹੈ।

ਜਿਸ ਤੇ ਸਾਰੇ ਸਿੱਖਾਂ ਅਤੇ ਪੰਜਾਬੀਆਂ ਨੂੰ ਡੱਟ ਕੇ ਪਹਿਰਾ ਦੇਣ ਚਾਹੀਦੀ ਹੈ।

ਬੱਬਰ ਖਾਲਸਾ

ਆਵਾਜ਼ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV
ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਸਾਂ ਇਤ ਕੌ ਸਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ AWAZE QAUM
International Newspaper & WEB TV

SANDWELL

NAGAR KIRTAN

ਨਗਰ ਕੀਰਤਨ

DHAN DHAN SRI GURU NANAK DEV JI
PARKASH PURAB



SUNDAY 1ST NOVEMBER 2026

GURDWARA GURU HAR RAI SAHIB JI George Street, West Bromwich	**START 9:00AM**	ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਜਰੋਜ ਸਟਰੀਟ, ਵੈਸਟ ਬ੍ਰੋਮਿਚ	ਅਰੰਭਤਾ: ੯:੦੦ ਵਜੇ
GURU NANAK GURDWARA Edward Street, West Bromwich	**11:00AM**	ਗੁਰੂ ਨਾਨਕ ਗੁਰਦੁਆਰਾ ਏਡਵਰਡ ਸਟਰੀਟ, ਵੈਸਟ ਬ੍ਰੋਮਿਚ	੧੧:੦੦ ਵਜੇ
GURDWARA AMRIT PARCHAR DHARMIK DIWAN Birmingham Road, Oldbury	**1:00PM**	ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ਬ੍ਰਮਿੰਘਮ ਰੋਡ, ਓਲਡਬਰੀ	੧:੦੦ ਵਜੇ
GURDWARA GURU MANEYO GRANTH Popes Lane, Oldbury	**2:00PM**	ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ਪੋਪਸ ਲੇਨ, ਓਲਡਬਰੀ	੨:੦੦ ਵਜੇ
GURDWARA BABA SANG St. Paul's Road, Smethwick	**3:15PM**	ਗੁਰਦੁਆਰਾ ਬਾਬਾ ਸੰਗ ਜੀ ਸਟ, ਪੌਲਜ ਰੋਡ, ਸਮੈਦਿਕ	੩:੧੫ ਵਜੇ
GURU NANAK GURDWARA SMETHWICK High Street, Smethwick	**4:00PM**	ਗੁਰੂ ਨਾਨਕ ਗੁਰਦੁਆਰਾ ਸਮੈਦਿਕ	੪:੦੦ ਵਜੇ

GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527

ਆਵਾਜ਼ ਕੌਮ AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar

ਮਿਸ਼ਨ 2027 ਦੀਆਂ ਤਿਆਰੀਆਂ ਲਈ ਕਾਂਗਰਸ ਵਰਕਰਾਂ ਨੇ ਖਿੱਚੀ ਕਮਰ

ਪਾਰਟੀ ਦੀ ਮਜ਼ਬੂਤੀ ਲਈ ਕੀਤਾ ਵਿਚਾਰ-ਵਟਾਂਦਰਾ



ਤਲਵੰਡੀ ਸਾਬੋ, 30 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਦੇ ਪਿੰਡ ਬੰਗੀ ਰੂਲਦੂ ਵਿਖੇ ਮਹਿਲਾ ਕਾਂਗਰਸ ਦੀ ਹਲਕਾ ਪ੍ਰਧਾਨ ਅਮਰਜੀਤ ਕੌਰ ਦੇ ਗ੍ਰਹਿ ਵਿਖੇ ਕਾਂਗਰਸੀ ਵਰਕਰਾਂ ਦੀ ਇੱਕ ਅਹਿਮ ਮੀਟਿੰਗ ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀ ਅਗਵਾਈ ਹੇਠ ਕੀਤੀ ਗਈ। ਮੀਟਿੰਗ ਦੌਰਾਨ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਅਸਲ ਤਾਕਤ ਉਸ ਦੇ ਮਿਹਨਤੀ ਵਰਕਰ ਹੁੰਦੇ ਹਨ। ਇਸ ਲਈ ਪਾਰਟੀ ਦੀ ਮਜ਼ਬੂਤੀ ਵਾਸਤੇ ਹਰ ਵਰਕਰ ਨੂੰ ਪਿੰਡਾਂ ਅਤੇ ਘਰ-ਘਰ ਤੱਕ ਲੋਕਾਂ ਨਾਲ ਸੰਪਰਕ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਲੋਕਾਂ ਦੀਆਂ ਸਮੱਸਿਆਵਾਂ ਨੂੰ ਵੀ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇ।ਮਹਿਲਾ ਕਾਂਗਰਸ ਦੀ ਹਲਕਾ ਪ੍ਰਧਾਨ ਅਮਰਜੀਤ ਕੌਰ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਵਿੱਚ ਮਹਿਲਾ ਵਰਕਰਾਂ ਦੀ ਭੂਮਿਕਾ ਬੇਹੱਦ ਅਹਿਮ ਹੈ ਅਤੇ ਮਹਿਲਾ ਵਰਕਰ ਪੂਰੀ ਤਨਦੇਹੀ ਨਾਲ ਪਾਰਟੀ ਦੀਆਂ ਗਤੀਵਿਧੀਆਂ ਵਿੱਚ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਵਿੱਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਜਾਰੀ ਰੱਖੇ ਜਾਣਗੇ।ਮੀਟਿੰਗ ਦੌਰਾਨ ਵਰਕਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਅਹਿਦ ਲਿਆ। ਇਸ ਮੌਕੇ 'ਮਿਸ਼ਨ 2027' ਨੂੰ ਮੁੱਖ ਰੱਖਦਿਆਂ 'ਮੇਰਾ ਹਲਕਾ, ਮੇਰਾ ਪਰਿਵਾਰ' ਦੇ ਨਾਅਰੇ ਤਹਿਤ ਹਲਕਾ ਤਲਵੰਡੀ ਸਾਬੋ ਵਿੱਚ ਕਾਂਗਰਸ ਪਾਰਟੀ ਦੀਆਂ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਅਤੇ ਲੋਕਾਂ ਨਾਲ ਸਿੱਧਾ ਸੰਪਰਕ ਬਣਾਉਣ ਦਾ ਸੰਕਲਪ ਲਿਆ ਗਿਆ। ਇਸ ਮੌਕੇ ਕਾਂਗਰਸ ਪਾਰਟੀ ਦੇ ਸਥਾਨਕ ਆਗੂ ਅਤੇ ਜਗਤਾਰ ਸਿੰਘ ਮੈਨੂੰਆਣਾ, ਰਣਬੀਰ ਸਿੰਘ ਸ਼ੇਖਪੁਰਾ ਜਿਲਾ ਵਾਈਸ ਪ੍ਰਧਾਨ ਬਠਿੰਡਾ ਦਿਹਾਤੀ, ਰਾਮ ਸਿੰਘ ਲੇਲੇਵਾਲਾ, ਜਗਤਾਰ ਸਿੰਘ ਮੈਨੂੰਆਣਾ, ਮੇਜਰ ਸਿੰਘ ਜਗਾ ਰਾਮ ਤੀਰਥ, ਵਿਕਾਸ ਸ਼ਰਮਾ ਤਲਵੰਡੀ, ਬਲਜੀਤ ਸਿੰਘ ਭਾਗੀਵਾਂਦਰ ਯੂਥ ਆਗੂ ਤਲਵੰਡੀ ਆਦਿ ਹਾਜ਼ਰ ਸਨ।

ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੀ ਅਗਵਾਈ ਹੇਠ ਪਿੰਡ ਬੰਗੀ ਰੂਲਦੂ ਵਿਖੇ ਹੋਈ ਅਹਿਮ ਮੀਟਿੰਗ

ਰਿਵਾਈਵਿੰਗ ਗ੍ਰੀਨ ਰੈਵੋਲਿਊਸ਼ਨ ਸੈੱਲ (ਟਾਟਾ ਟਰੱਸਟ) ਵੱਲੋਂ

ਸਰਵਿਸ ਪ੍ਰੋਵਾਈਡਰਾਂ ਦੀ ਟਰੇਨਿੰਗ ਕਰਵਾਈ ਗਈ



ਚੱਕ ਮਹਿਤਾ, 29 ਅਕਤੂਬਰ (**ਬਾਬਾ ਸੁਖਵੰਤ ਸਿੰਘ ਚੰਨਣਕੇ**)- ਰਿਵਾਈਵਿੰਗ ਗ੍ਰੀਨ ਰੈਵੋਲਿਊਸ਼ਨ ਸੈੱਲ (ਆਰਜੀਆਰ ਸੈਲ) ਵੱਲੋਂ ਕਾਰਜਕਾਰੀ ਡਾਇਰੈਕਟਰ ਡਾਕਟਰ ਬਲਜਿੰਦਰ ਸਿੰਘ ਸੈਣੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਤੇ ਬਲਾਕ ਖੇਤੀਬਾੜੀ ਦਫ਼ਤਰ ਅਜਨਾਲਾ ਦੇ ਸਹਿਯੋਗ ਨਾਲ "ਪਾਣੀ ਦੀ ਬੱਚਤ ਅਤੇ ਪਰਾਲੀ ਦਾ ਸੁਚੱਜਾ ਪ੍ਰਬੰਧਨ" ਪ੍ਰੋਜੈਕਟ ਤਹਿਤ ਸਰਵਿਸ ਪ੍ਰੋਵਾਈਡਰਾਂ ਲਈ ਟਰੇਨਿੰਗ ਪ੍ਰੋਗਰਾਮ ਕਰਵਾਇਆ ਗਿਆ। ਇਸ ਟਰੇਨਿੰਗ ਦਾ ਮੁੱਖ ਉਦੇਸ਼ ਸਰਵਿਸ ਪ੍ਰੋਵਾਈਡਰਾਂ ਨੂੰ ਖੇਤੀਬਾੜੀ ਦੀਆਂ ਆਧੁਨਿਕ ਤਕਨੀਕਾਂ, ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਪਾਣੀ ਦੀ ਸੰਭਾਲ ਸਬੰਧੀ ਜਾਗਰੂਕ ਕਰਨਾ ਸੀ।

ਇਸ ਮੌਕੇ ਆਰਜੀਆਰ ਸੈਲ ਦੇ ਜ਼ਿਲ੍ਹਾ ਮੈਨੇਜਰ ਸ਼੍ਰੀ ਜੋਧਬੀਰ ਸਿੰਘ ਨੇ ਪ੍ਰੋਜੈਕਟ ਦੇ ਉਦੇਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਪਾਣੀ ਦੀ ਬੱਚਤ ਕਰਨ, ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤ ਵਿੱਚ ਹੀ ਸੁਚੱਜੇ ਢੰਗ ਨਾਲ ਸੰਭਾਲਣ ਅਤੇ ਖੇਤੀਬਾੜੀ ਦੇ ਸਰੋਤਾਂ ਦੀ ਕੁਸ਼ਲ ਵਰਤੋਂ ਕਰਨ ਲਈ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਸਰਵਿਸ ਪ੍ਰੋਵਾਈਡਰ ਆਧੁਨਿਕ ਖੇਤੀ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਟਰੇਨਿੰਗ ਦੌਰਾਨ ਖੇਤੀਬਾੜੀ ਅਫ਼ਸਰ ਡਾ. ਅਜਮੇਰ ਸਿੰਘ ਨੇ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵਰਤੀਆਂ ਜਾਣ ਵਾਲੀਆਂ ਵੱਖ-ਵੱਖ ਖੇਤੀਬਾੜੀ ਮਸ਼ੀਨਾਂ ਅਤੇ ਤਕਨੀਕਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਖੇਤੀਬਾੜੀ ਅਫ਼ਸਰ ਡਾ. ਗੁਰਿੰਦਰ ਸਿੰਘ ਨੇ ਕਣਕ ਦੀਆਂ ਵੱਖ-ਵੱਖ ਕਿਸਮਾਂ ਅਤੇ ਉਨ੍ਹਾਂ ਦੀ ਕਾਸ਼ਤ ਸਬੰਧੀ ਮਹੱਤਵਪੂਰਨ ਨੁਕਤਿਆਂ ਬਾਰੇ ਜਾਣੂ ਕਰਵਾਇਆ।

ਇਸੇ ਤਰ੍ਹਾਂ ਫੀਲਡ ਅਫ਼ਸਰ ਸ੍ਰੀ ਹਰਮਨਪ੍ਰੀਤ ਸਿੰਘ ਨੇ ਬੀਜ ਸੋਧ ਦੀ ਮਹੱਤਤਾ, ਇਸ ਦੇ ਲਾਭਾਂ ਅਤੇ ਫ਼ਸਲਾਂ ਨੂੰ ਸ਼ੁਰੂਆਤੀ ਬਿਮਾਰੀਆਂ ਤੋਂ ਬਚਾਉਣ ਵਿੱਚ ਇਸ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਬਲਾਕ ਖੇਤੀਬਾੜੀ ਅਫ਼ਸਰ ਡਾ. ਗੁਰਜੋਧ ਸਿੰਘ ਨੇ ਖੇਤੀਬਾੜੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਖੇਤੀਬਾੜੀ ਸਕੀਮਾਂ ਬਾਰੇ ਚਾਨਣਾ ਪਾਇਆ ਅਤੇ ਸਰਵਿਸ ਪ੍ਰੋਵਾਈਡਰਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਕਿਸਾਨਾਂ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ।

ਟਰੇਨਿੰਗ ਦੌਰਾਨ ਪਰਾਲੀ ਪ੍ਰਬੰਧਨ ਨਾਲ ਸਬੰਧਤ ਖੇਤੀਬਾੜੀ ਮਸ਼ੀਨਰੀ ਵੀ ਪ੍ਰਦਰਸ਼ਿਤ ਕੀਤੀ ਗਈ, ਤਾਂ ਜੋ ਸਰਵਿਸ ਪ੍ਰੋਵਾਈਡਰ ਮਸ਼ੀਨਾਂ ਦੀ ਵਰਤੋਂ ਅਤੇ ਕਾਰਜਪ੍ਰਣਾਲੀ ਬਾਰੇ ਵਿਹਾਰਕ ਜਾਣਕਾਰੀ ਪ੍ਰਾਪਤ ਕਰ ਸਕਣ।

ਅੰਤ ਵਿੱਚ ਸਰਵਿਸ ਪ੍ਰੋਵਾਈਡਰਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਾਣੀ ਦੀ ਸੰਭਾਲ, ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਆਧੁਨਿਕ ਖੇਤੀ ਤਕਨੀਕਾਂ ਨੂੰ ਅਪਣਾਉਣ ਲਈ ਵੱਧ ਤੋਂ ਵੱਧ ਕਿਸਾਨਾਂ ਨੂੰ ਜਾਗਰੂਕ ਕਰਨ ਅਤੇ ਪੰਜਾਬ ਦੀ ਖੇਤੀ ਨੂੰ ਵਾਤਾਵਰਣ-ਅਨੁਕੂਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

"ਪਾਣੀ ਦੀ ਬੱਚਤ ਅਤੇ ਪਰਾਲੀ ਦਾ ਸੁਚੱਜਾ ਪ੍ਰਬੰਧਨ" ਪ੍ਰੋਜੈਕਟ ਤਹਿਤ ਖੇਤੀਬਾੜੀ ਮਸ਼ੀਨਰੀ, ਕਣਕ ਦੀਆਂ ਕਿਸਮਾਂ ਅਤੇ ਬੀਜ ਸੋਧ ਬਾਰੇ ਦਿੱਤੀ ਜਾਣਕਾਰੀ

ਬਠਿੰਡਾ ਪੁਲਿਸ ਵੱਲੋਂ 101 ਗ੍ਰਾਮ ਹੈਰੋਇਨ ਬਰਾਮਦ, ਇੱਕ ਵਿਅਕਤੀ ਗ੍ਰਿਫ਼ਤਾਰ



ਤਲਵੰਡੀ ਸਾਬੋ, 30 **ਅਕਤੂਬਰ** (**ਗੁਰਜੰਟ ਸਿੰਘ ਨਥੇਹਾ**)- ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਵਿੱਢੀ ਗਈ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਮਾਨਯੋਗ ਸ਼੍ਰੀ ਗੌਰਵ ਯਾਦਵ, ਆਈ.ਪੀ.ਐੱਸ., ਡੀ.ਜੀ.ਪੀ. ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸ਼੍ਰੀ ਹਰਜੀਤ ਸਿੰਘ, ਆਈ.ਪੀ.ਐੱਸ., ਡੀ.ਆਈ.ਜੀ. ਬਠਿੰਡਾ ਰੇਂਜ ਦੇ ਮਾਰਗਦਰਸ਼ਨ ਅਨੁਸਾਰ ਅਤੇ ਸ਼੍ਰੀ ਸੁਹੇਲ ਕਾਸਿਮ ਮੀਰ, ਆਈ.ਪੀ.ਐੱਸ., ਐੱਸ.ਐੱਸ.ਪੀ. ਬਠਿੰਡਾ ਦੀ ਰਹਿਨੁਮਾਈ ਹੇਠ, ਸ਼੍ਰੀ ਜਗਦੀਸ਼ ਬਿਸਨੋਈ, ਐੱਸ.ਪੀ. ਹੈੱਡਕੁਆਰਟਰ ਬਠਿੰਡਾ ਦੀ ਨਿਗਰਾਨੀ ਅਤੇ ਸ਼੍ਰੀ ਜਸਜਯੋਤ ਸਿੰਘ, ਡੀ.ਐੱਸ.ਪੀ. ਤਲਵੰਡੀ ਸਾਬੋ ਦੀ ਅਗਵਾਈ ਹੇਠ ਥਾਣਾ ਰਾਮਾਂ ਦੀ ਪੁਲਿਸ ਟੀਮ ਵੱਲੋਂ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਪਾਸੋਂ 101 ਗ੍ਰਾਮ ਹੈਰੋਇਨ ਬਰਾਮਦ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਬਠਿੰਡਾ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋਂ ਮਿਤੀ 28.10.2026 ਨੂੰ ਥਾਣਾ ਰਾਮਾਂ ਦੀ ਪੁਲਿਸ ਪਾਰਟੀ ਵੱਲੋਂ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਬਾਘਾ ਫਾਟਕ ਨੇੜੇ ਬਾਹੱਦ ਰਾਮਾਂ ਮੰਡੀ ਤੋਂ ਸ਼ੱਕੀ ਹਾਲਤਾਂ ਵਿੱਚ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਦੇ ਕਬਜਾ ਵਿੱਚੋਂ 101 ਗ੍ਰਾਮ ਹੈਰੋਇਨ ਬਰਾਮਦ ਕੀਤੀ। ਕਾਬੂ ਕੀਤੇ ਵਿਅਕਤੀ ਦੀ ਪਛਾਣ ਮੰਨੂ ਪੁੱਤਰ ਜੱਜ ਕੁਮਾਰ, ਵਾਸੀ ਕਮਾਲੂ ਰੋਡ,ਵਾਰਡ ਨੰਬਰ 3, ਰਾਮਾਂ ਮੰਡੀ, ਜ਼ਿਲ੍ਹਾ ਬਠਿੰਡਾ, ਉਮਰ ਕਰੀਬ 37 ਸਾਲ ਵਜੋਂ ਹੋਈ ਹੈ । ਜਿਸ ਤੇ ਮੁਕੱਦਮਾ ਉਕਤ ਦਰਜ ਰਜਿਸਟਰ ਕੀਤਾ ਗਿਆ।ਮੌਨੂੰ ਉਕਤ ਨੂੰ ਮੁਕੱਦਮਾ ਵਿੱਚ ਗ੍ਰਿਫਤਾਰ ਕਰਕੇ ਮਿਤੀ 28-10-2026 ਨੂੰ ਮਾਣਯੋਗ ਅਦਾਲਤ ਵਿੱਚੋਂ 02 ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ। ਉਕਤ ਵਿਅਕਤੀ ਦੀ ਡੂੰਘਾਈ ਨਾਲ ਪੁੱਛਗਿੱਛ ਕਰਨ ਤੇ ਸਾਹਮਣੇ ਆਏ ਤੱਥਾਂ ਦੇ ਅਧਾਰ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। ਜਿਸ ਨੂੰ ਅੱਜ ਪੁਲਿਸ ਰਿਮਾਂਡ ਖਤਮ ਹੋਣ ਕਾਰਨ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

ਹਰ ਸ਼ੁੱਕਰਵਾਰ ਡੇਂਗੂ ਤੇ ਵਾਰ : ਐਸ ਆਈ ਅਸ਼ੋਕ ਕੁਮਾਰ



ਧੂਰੀ (ਰਣਜੀਤ ਸਿੰਘ ਪੰਧਨੀ)-ਸਿਵਲ ਸਰਜਨ ਸੰਗਰੂਰ ਡਾ: ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਰਮਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰੁਪਰ ਡਾ.ਜਸਦੀਪ ਸਿੰਘ ਅਗਵਾਈ ਹੇਠ ਅਤੇ ਅਸੋ.ਕ ਕੁਮਾਰ ਦੀ ਸੁਪਰਵਿਜਨ ਵਿੱਚ ਥਾਣਾ ਸਦਰ ਧੂਰੀ ਵਿੱਚ ਡੇਂਗੂ ਅਤੇ ਮਲੇਰੀਆ ਤੋਂ ਬਚਾਓ ਬਾਰੇ ਜਾਣਕਾਰੀ ਦਿੰਦੇ ਹੋਏ ਐਸ ਆਈ ਅਸੋਕ ਕੁਮਾਰ ਨੇ ਦੱਸਿਆ ਕਿ ਡੇਂਗੂ,ਚਿਕਨਗੁਨੀਆਂ, ਮਲੇਰੀਆ ਬੁਖਾਰ ਮੱਛਰਾਂ ਦੇ ਕੱਟਣ ਤੋਂ ਫੈਲਦੇ ਹਨ, ਡੇਂਗੂ ਦਾ ਮੱਛਰ ਜਿਆਦਾਤਰ ਦਿਨ ਵੇਲੇ ਤੇ ਮਲੇਰੀਆ ਦੇ ਮੱਛਰ ਰਾਤ ਨੂੰ ਕੱਟਦੇ ਹਨ। ਇਹ ਮੱਛਰ ਇੱਕ ਹਫਤੇ ਤੋਂ ਵੱਧ ਸਮੇਂ ਤੋਂ ਖੜੇ ਪਾਣੀ ਦੀਆਂ ਥਾਵਾਂ ਵਿੱਚ ਪੈਦਾ ਹੁੰਦੇ ਹਨ। ਇਸ ਲਈ ਉਨ੍ਹਾਂ ਕਿਹਾ ਕਿ ਟੋਇਆਂ ਨੂੰ ਭਰਿਆ ਜਾਵੇ , ਘਰਾਂ ਵਿਚ ਲੱਗੇ ਕੂਲਰ, ਗਮਲਿਆਂ, ਕਟੋਰਿਆਂ, ਟਾਇਰਾਂ ਤੇ ਫਰਿੱਜ ਦੀਆਂ ਟਰੇਆਂ ਨੂੰ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸੁਕਿਆ ਜਾਵੇ। ਉਨ੍ਹਾਂ ਕਿਹਾ ਕਿ ਮੱਛਰਾਂ ਤੋਂ ਛੁਟਕਾਰਾ ਪਾਉਣ ਲਈ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ, ਪੂਰੇ ਸਰੀਰ ਨੂੰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ, ਘਰਾਂ ਦੇ ਆਲੇ-ਦੁਆਲੇ ਖੜ੍ਹੇ ਪਾਣੀ ਦੇ ਟੋਇਆਂ ਨੂੰ ਮਿੱਟੀ ਨਾਲ ਬੰਦ ਕਰ ਦਿੱਤਾ ਜਾਵੇ ਅਤੇ ਜੇਕਰ ਕਿਸੇ ਵਿਅਕਤੀ ਨੂੰ ਬੁਖ਼ਾਰ ਹੋ ਜਾਵੇ ਤਾਂ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਜਾ ਕੇ ਟੈਸਟ ਅਤੇ ਇਲਾਜ ਕਰਵਾਉਣਾ ਚਾਹੀਦਾ ਹੈ, ਜੋ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਮੁਫ਼ਤ ਕੀਤਾ ਜਾਂਦਾ ਹੈ।ਇਸ ਮੌਕੇ ਅਮਰੀਕ ਸਿੰਘ ਮ. ਪ. ਹ. ਵ (ਮੇਲ)ਅਤੇ ਸਦਰ ਥਾਣੇ ਦੇ ਸਟਾਫ ਮੈਂਬਰ ਹਾਜਰ ਸਨ।

‘ਮਾਵਾਂ-ਧੀਆਂ ਦੀ ਲਲਕਾਰ, ਬੰਦ ਕਰਵਾਵਾਂਗੇ ਨਸ਼ੇ ਦਾ ਵਪਾਰ’

ਮੁਹਿੰਮ ਤਹਿਤ ਤਲਵੰਡੀ ਸਾਬੋ ਵਿਖੇ ਵਿਸ਼ਾਲ ਰੈਲੀ






ਤਲਵੰਡੀ ਸਾਬੋ, 30 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਉਣ ਅਤੇ ਨਸ਼ਿਆਂ ਦੇ ਵਪਾਰ ਵਿਰੁੱਧ ਲੋਕ ਲਹਿਰ ਖੜ੍ਹੀ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ‘ਮਾਵਾਂ-ਧੀਆਂ ਦੀ ਲਲਕਾਰ, ਬੰਦ ਕਰਵਾਵਾਂਗੇ ਨਸ਼ੇ ਦਾ ਵਪਾਰ’ ਮੁਹਿੰਮ ਤਹਿਤ ਅੱਜ ਪੰਜਾਬ ਪੈਲੇਸ, ਤਲਵੰਡੀ ਸਾਬੋ ਵਿਖੇ ਵਿਸ਼ਾਲ ਰੈਲੀ ਕਰਵਾਈ ਗਈ। ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਤਲਵੰਡੀ ਸਾਬੋ ਤੋਂ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਦੀ ਧਰਮ ਪਤਨੀ ਰਿਤਿਕਾ ਕੌਰ ਸਿੱਧੂ ਦੀ ਅਗਵਾਈ ਹੇਠ ਕਰਵਾਈ ਗਈ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਮਾਵਾਂ, ਭੈਣਾਂ, ਧੀਆਂ ਅਤੇ ਪਾਰਟੀ ਵਰਕਰਾਂ ਨੇ ਸ਼ਮੂਲੀਅਤ ਕਰਦਿਆਂ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਅਹਿਦ ਲਿਆ। ਰੈਲੀ ਵਿੱਚ ਬਠਿੰਡਾ ਤੋਂ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਰੈਲੀ ਦੌਰਾਨ ਮਹਿਲਾਵਾਂ ਨੇ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ, ਨਸ਼ਿਆਂ ਦੇ ਵਪਾਰ ਨੂੰ ਠੱਲ੍ਹ ਪਾਉਣ ਅਤੇ ਸੂਬੇ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਆਪਣੀ ਆਵਾਜ਼ ਬੁਲੰਦ ਕੀਤੀ। ਇਸ ਮੌਕੇ ਮੁਹਿੰਮ ਦੇ ਉਦੇਸ਼ਾਂ ਨੂੰ ਲੋਕਾਂ ਤੱਕ ਪਹੁੰਚਾਉਂਦਿਆਂ ਨਸ਼ਿਆਂ ਵਿਰੁੱਧ ਸਮਾਜਿਕ ਜਾਗਰੂਕਤਾ ਪੈਦਾ ਕਰਨ ਅਤੇ ਇਸ ਲੜਾਈ ਵਿੱਚ ਮਹਿਲਾਵਾਂ ਦੀ ਅਹਿਮ ਭੂਮਿਕਾ ’ਤੇ ਜ਼ੋਰ ਦਿੱਤਾ ਗਿਆ। ਇਸ ਮੌਕੇ ਬੋਲਦਿਆਂ ਰਿਤਿਕਾ ਕੌਰ ਸਿੱਧੂ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਦੀ ਇਕਜੁੱਟਤਾ ਨਾਲ ਨਸ਼ਿਆਂ ਵਿਰੁੱਧ ਇੱਕ ਮਜ਼ਬੂਤ ਸਮਾਜਿਕ ਲਹਿਰ ਖੜ੍ਹੀ ਕੀਤੀ ਜਾ ਸਕਦੀ ਹੈ। ਉਨ੍ਹਾਂ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਸਮਾਜ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਅਤੇ ਪੰਜਾਬ ਦੀ ਜਵਾਨੀ ਦੇ ਸੁਨਹਿਰੀ ਭਵਿੱਖ ਲਈ ਅੱਗੇ ਆਉਣ। ਇਸ ਮੌਕੇ ਬੀਬਾ ਹਰਸਿਮਰਤ ਕੌਰ ਬਾਦਲ ਦੀ ਸ਼ਮੂਲੀਅਤ ਨੇ ਰੈਲੀ ਵਿੱਚ ਵਿਸ਼ੇਸ਼ ਉਤਸ਼ਾਹ ਭਰਿਆ। ਰੈਲੀ ਵਿੱਚ ਸ਼ਾਮਲ ਮਹਿਲਾਵਾਂ ਨੇ ਨਸ਼ਿਆਂ ਦੇ ਖ਼ਾਤਮੇ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਹਲਕਾ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਵੱਲੋਂ ਸਮੂਹ ਮਾਵਾਂ, ਭੈਣਾਂ ਅਤੇ ਧੀਆਂ ਦਾ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਸ਼੍ਰੋਮਣੀ ਅਕਾਲੀ ਦਲ ਵੱਲੋਂ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਂਦੀ ਰਹੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਵਪਾਰ ਵਿਰੁੱਧ ਲੜਾਈ ਨੂੰ ਲੋਕ ਲਹਿਰ ਬਣਾਉਣ ਦੀ ਲੋੜ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ। ਰੈਲੀ ਦੌਰਾਨ ਮਹਿਲਾਵਾਂ ਦੇ ਉਤਸ਼ਾਹ ਅਤੇ ਇਕਜੁੱਟਤਾ ਨੇ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਦਾ ਸੁਨੇਹਾ ਦਿੱਤਾ। ਰੈਲੀ ਦਾ ਮੁੱਖ ਮਕਸਦ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਮਹਿਲਾਵਾਂ ਨੂੰ ਇੱਕ ਮੰਚ ’ਤੇ ਇਕੱਠਾ ਕਰਨਾ ਅਤੇ ਨਸ਼ਿਆਂ ਦੇ ਵਪਾਰ ਵਿਰੁੱਧ ਸਮਾਜਿਕ ਚੇਤਨਾ ਪੈਦਾ ਕਰਨਾ ਰਿਹਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵਿੰਦਰ ਸਿੰਘ ਜੈਲਦਾਰ, ਹਰਤਾਬਲ ਸਿੰਘ ਸੁੱਖੀ, ਬਲਕਰਨ ਸਿੰਘ ਸਰਪੰਚ ਪੱਕਾ ਕਲਾਂ, ਸਰਪੰਚ ਬੂਟਾ ਸਿੰਘ ਲਾਲੇਆਣਾ, ਸਾਬਕਾ ਸਰਪੰਚ ਮੱਖਣ ਸਿੰਘ ਸੀਗੋਂ, ਸਾਬਕਾ ਸਰਪੰਚ ਬੂਟਾ ਸਿੰਘ ਸੀਗੋਂ, ਯੂਥ ਆਗੂ ਬਲਦੇਵ ਰਾਮ ਦੇਬੂ, ਅਮਨਦੀਪ ਸਿੰਘ ਟਾਂਡੀਆਂ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ।

ਰਿਤਿਕਾ ਕੌਰ ਸਿੱਧੂ ਦੀ ਅਗਵਾਈ ਹੇਠ ਮਾਵਾਂ-ਧੀਆਂ ਨੇ ਨਸ਼ਿਆਂ ਵਿਰੁੱਧ ਬੁਲੰਦ ਕੀਤੀ ਆਵਾਜ਼, ਬੀਬਾ ਹਰਸਿਮਰਤ ਕੌਰ ਬਾਦਲ ਨੇ ਕੀਤੀ ਵਿਸ਼ੇਸ਼ ਸ਼ਿਰਕਤ

ਆਵਾਜ਼ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 360ਵੇਂ ਪ੍ਰਕਾਸ਼ ਪੁਰਬ ਲਈ ਤਿਆਰੀਆਂ ਤੇਜ਼

ਪਟਨਾ ਪ੍ਰਸ਼ਾਸਨ ਨਾਲ ਅਹਿਮ ਮੀਟਿੰਗ



ਨਵੀਂ ਦਿੱਲੀ, 30 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ): ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ 360ਵੇਂ ਪਾਵਨ ਪ੍ਰਕਾਸ਼ ਪੁਰਬ ਨੂੰ ਇਤਿਹਾਸਕ ਅਤੇ ਸ਼ਾਨਦਾਰ ਪੱਧਰ ’ਤੇ ਮਨਾਉਣ ਲਈ ਤਿਆਰੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਸਬੰਧ ਵਿੱਚ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਨੇ ਪਟਨਾ ਪ੍ਰਮੰਡਲ ਦੇ ਕਮਿਸ਼ਨਰ ਸ੍ਰੀ ਰਾਜੇਸ਼ ਕੁਮਾਰ ਨਾਲ ਕਮਿਸ਼ਨਰ ਦਫ਼ਤਰ ਵਿਖੇ ਅਹਿਮ ਮੀਟਿੰਗ ਕੀਤੀ। ਮੀਟਿੰਗ ਵਿੱਚ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਪਹੁੰਚਣ ਵਾਲੀ ਸੰਗਤ ਦੀ ਸੁਰੱਖਿਆ, ਸੁਰੱਖਿਆ, ਸਾਫ਼-ਸਫ਼ਾਈ, ਰਿਹਾਇਸ਼, ਪੀਣ ਵਾਲੇ ਪਾਣੀ, ਡਾਕਟਰੀ ਸਹੂਲਤਾਂ ਅਤੇ ਹੋਰ ਲੋੜੀਂਦੇ ਪ੍ਰਬੰਧਾਂ ’ਤੇ ਵਿਸਥਾਰ ਨਾਲ ਚਰਚਾ ਹੋਈ। ਇਸ ਮੌਕੇ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ, ਮਹਿੰਦਰਪਾਲ ਸਿੰਘ ਢਿੱਲੋਂ, ਸੁਮਿਤ ਸਿੰਘ ਕਲਸੀ ਅਤੇ ਮੈਨੇਜਰ ਪਪਿੰਦਰ ਸਿੰਘ ਵੀ ਹਾਜ਼ਰ ਸਨ। ਸਰਦਾਰ ਸੋਹੀ ਨੇ ਕਿਹਾ ਕਿ ਪ੍ਰਕਾਸ਼ ਪੁਰਬ ਮੌਕੇ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਣ ਆਉਣ ਵਾਲੀ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਾ ਆਵੇ, ਇਸ ਲਈ ਪ੍ਰਸ਼ਾਸਨ ਅਤੇ ਪ੍ਰਬੰਧਕ ਕਮੇਟੀ ਵੱਲੋਂ ਬਿਹਤਰ ਤਾਲਮੇਲ ਨਾਲ ਸਾਰੇ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਮਹਾਨ ਸਮਾਗਮ ਨੂੰ ਸ਼ਰਧਾ, ਸੇਵਾ, ਸਮਰਪਣ ਅਤੇ ਖ਼ਾਲਸਾਈ ਜਾਹੋ-ਜਲਾਲ ਨਾਲ ਇਤਿਹਾਸਕ ਬਣਾਉਣ ਦਾ ਸੰਕਲਪ ਹੈ। ਬਿਹਾਰ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ, ਤਖ਼ਤ ਸਾਹਿਬ ਪ੍ਰਬੰਧਕ ਕਮੇਟੀ ਅਤੇ ਸੰਗਤ ਦੇ ਸਾਂਝੇ ਸਹਿਯੋਗ ਨੂੰ ਇਸ ਦੀ ਸਫ਼ਲਤਾ ਲਈ ਅਹਿਮ ਮੰਨਿਆ ਗਿਆ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਧਾਰਮਿਕ ਸਮਾਗਮ ਨਹੀਂ, ਸਗੋਂ ਗੁਰੂ ਸਾਹਿਬ ਦੇ ਤਿਆਗ, ਬਹਾਦਰੀ, ਮਨੁੱਖਤਾ ਅਤੇ ਸਰਬ ਧਰਮ ਸਤਿਕਾਰ ਦੇ ਸੰਦੇਸ਼ ਨੂੰ ਵਿਸ਼ਵ ਪੱਧਰ ’ਤੇ ਪਹੁੰਚਾਉਣ ਦਾ ਮਹਾਨ ਮੌਕਾ ਹੈ। ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪਾਵਨ ਜਨਮ ਅਸਥਾਨ ਅਤੇ ਸਿੱਖ ਧਰਮ ਦੇ ਪੰਜ ਤਖ਼ਤ ਸਾਹਿਬਾਨ ਵਿੱਚੋਂ ਇੱਕ ਹੋਣ ਕਾਰਨ ਪ੍ਰਕਾਸ਼ ਪੁਰਬ ਨੂੰ ਲੈ ਕੇ ਸੰਗਤ ਵਿੱਚ ਭਾਰੀ ਉਤਸ਼ਾਹ ਹੈ।

ਆਵਾਜ਼ ਕੌਮ AWAZE QAUM International Newspaper & WEB TV

ਬੈਲਜੀਅਮ ’ਚ ਸਿੱਖ ਧਰਮ ਦੀ ਰਜਿਸਟ੍ਰੇਸ਼ਨ ਲਈ ਸੰਘਰਸ਼ ਤੇਜ਼, ਬਿੰਦਰ ਸਿੰਘ ਨੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਭੂਮਿਕਾ ’ਤੇ ਚੁੱਕੇ ਸਵਾਲ

ਨਵੀਂ ਦਿੱਲੀ 30 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਯੂਰਪ ਵਿੱਚ ਸਿੱਖਾਂ ਨੂੰ ਦਰਪੇਸ਼ ਧਾਰਮਿਕ ਅਤੇ ਕਾਨੂੰਨੀ ਮੁਸ਼ਕਿਲਾਂ ਦੇ ਮੱਦੇਨਜ਼ਰ ਯੂਰੋਪੀਅਨ ਸਿੱਖ ਆਰਗੇਨਾਈਜ਼ੇਸ਼ਨ ਵੱਲੋਂ ਬੈਲਜੀਅਮ ਵਿੱਚ ਸਿੱਖ ਧਰਮ ਨੂੰ ਅਧਿਕਾਰਤ ਤੌਰ ’ਤੇ ਰਜਿਸਟਰ ਕਰਵਾਉਣ ਦੀ ਮੁਹਿੰਮ ਜਾਰੀ ਹੈ। ਸੰਸਥਾ ਦੇ ਮੁਖੀ ਸਰਦਾਰ ਬਿੰਦਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਨਿਆਂ ਵਿਭਾਗ ਕੋਲ ਸਾਲ 2023 ਵਿੱਚ ਫਾਈਲ ਜਮ੍ਹਾਂ ਕਰਵਾਈ ਗਈ ਸੀ, ਪਰ ਉਨ੍ਹਾਂ ਦੇ ਕਹਿਣ ਅਨੁਸਾਰ ਕੁਝ ਜਥੇਬੰਦੀਆਂ ਵੱਲੋਂ ਕਥਿਤ ਤੌਰ ’ਤੇ ਗਲਤ ਜਾਣਕਾਰੀ ਦੇ ਕੇ ਪ੍ਰਕਿਰਿਆ ਵਿੱਚ ਰੁਕਾਵਟਾਂ ਪਾਈਆਂ ਜਾਂਦੀਆਂ ਰਹੀਆਂ। ਬਿੰਦਰ ਸਿੰਘ ਨੇ ਦੁੱਖ ਜ਼ਾਹਰ ਕਰਦਿਆਂ ਕਿਹਾ ਕਿ ਇਸ ਮਾਮਲੇ ਸਬੰਧੀ ਉਨ੍ਹਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਯੂਰੋਪੀਅਨ ਪਾਰਲੀਮੈਂਟ ਵਿੱਚ ਸਿੱਖ ਮਸਲੇ ’ਤੇ ਗੱਲਬਾਤ ਲਈ ਸੱਦਾ ਦਿੱਤਾ ਗਿਆ ਸੀ। ਉਨ੍ਹਾਂ ਦਾ ਦੋਸ਼ ਹੈ ਕਿ ਸੱਦਾ ਸਵੀਕਾਰ ਕਰਨ ਅਤੇ ਕਾਗਜ਼ੀ ਕਾਰਵਾਈ ਪੂਰੀ ਹੋਣ ਤੋਂ ਬਾਅਦ ਆਖਰੀ ਮੌਕੇ ’ਤੇ ਜਥੇਦਾਰ ਵੱਲੋਂ ਓਨ੍ਹਾ ਦੇ ਸਹਾਇਕ ਜਸਪਾਲ ਸਿੰਘ ਰਾਹੀਂ ਆਉਣ ਤੋਂ ਇਨਕਾਰ ਕਰ ਦਿੱਤਾ ਗਿਆ, ਜਿਸ ਨਾਲ ਸੰਸਥਾ ਨੂੰ ਵਿੱਤੀ ਨੁਕਸਾਨ ਹੋਣ ਦੇ ਨਾਲ ਯੂਰੋਪੀਅਨ ਪਾਰਲੀਮੈਂਟ ਵਿੱਚ ਸਿੱਖ ਕੌਮ ਦੇ ਪ੍ਰਤੀਨਿਧ ਵਜੋਂ ਅਸਹਿਜ ਸਥਿਤੀ ਦਾ ਸਾਹਮਣਾ ਕਰਨਾ ਪਿਆ ਜੋ ਕਿ ਪੰਥ ਖਾਲਸਾ ਲਈ ਵਡੀ ਨਮੋਸ਼ੀ ਦਾ ਕਾਰਣ ਬਣ ਗਈ ਸੀ। ਬਿੰਦਰ ਸਿੰਘ ਨੇ ਇਸ ਨੂੰ ਜ਼ਿੰਮੇਵਾਰ ਧਾਰਮਿਕ ਅਦਾਰੇ ਦੀ ਗੰਭੀਰ ਅਣਗਹਿਲੀ ਕਰਾਰ ਦਿੰਦਿਆਂ ਜਥੇਦਾਰ ਸਾਹਿਬ ਅਤੇ ਓਨ੍ਹਾ ਦੇ ਸਹਾਇਕ ਜਸਪਾਲ ਸਿੰਘ ਦੀ ਕਾਰਗੁਜ਼ਾਰੀ ’ਤੇ ਸਵਾਲ ਖੜ੍ਹੇ ਕੀਤੇ ਤੇ ਓਨ੍ਹਾ ਦੇ ਰਵਈਏ ਨੂੰ ਯੂਰੋਪੀਅਨ ਸਿੱਖਾਂ ਦੇ ਮਸਲੇ ਨੂੰ ਹੋਰ ਗੁੰਝਲਦਾਰ ਬਣਾਉਣ ਲਈ ਕਿਹਾ। ਉਨ੍ਹਾਂ ਦੱਸਿਆ ਕਿ ਇਸੇ ਮਾਮਲੇ ਨੂੰ ਲੈ ਕੇ ਬੀਤੇ ਐਤਵਾਰ ਗੁਰਦੁਆਰਾ ਸਿੰਘ ਰੁਦਨ ਵਿਖੇ ਬੈਲਜੀਅਮ ਦੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਂਬਰਾਂ ਅਤੇ ਸੰਗਤਾਂ ਦੀ ਭਰਵੀਂ ਮੀਟਿੰਗ ਹੋਈ, ਜਿਸ ਵਿੱਚ ਵਿਰੋਧੀ ਧਿਰ ਵੱਲੋਂ ਕੋਈ ਨੁਮਾਇੰਦਾ ਹਾਜ਼ਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਸਿੱਖ ਧਰਮ ਦੀ ਰਜਿਸਟ੍ਰੇਸ਼ਨ ਕਿਸੇ ਧੜੇ ਦਾ ਨਹੀਂ, ਸਗੋਂ ਯੂਰਪ ਵੱਸਦੇ ਸਿੱਖਾਂ ਦੇ ਧਾਰਮਿਕ ਹੱਕਾਂ ਨਾਲ ਜੁੜਿਆ ਮਾਮਲਾ ਹੈ। ਬਿੰਦਰ ਸਿੰਘ ਨੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਲੈਟਰਪੈਡ ’ਤੇ ਆਪਣੇ ਇਲਾਕੇ ਵਿੱਚ ਵੱਸਦੀ ਸਿੱਖ-ਪੰਜਾਬੀ ਵਸੋਂ ਦੀ ਗਿਣਤੀ ਅਤੇ ਸਿੱਖ ਧਰਮ ਦੀ ਰਜਿਸਟ੍ਰੇਸ਼ਨ ਲਈ ਸੰਸਥਾ ਵੱਲੋਂ ਕੀਤੇ ਜਾ ਰਹੇ ਯਤਨਾਂ ਨਾਲ ਸਹਿਮਤੀ ਬਾਰੇ ਨਿਆਂ ਵਿਭਾਗ ਨੂੰ ਲਿਖਤੀ ਤੌਰ ’ਤੇ ਜਾਣੂ ਕਰਵਾਉਣ, ਤਾਂ ਜੋ ਇਸ ਮਹੱਤਵਪੂਰਨ ਪ੍ਰਕਿਰਿਆ ਨੂੰ ਅੰਤਿਮ ਪੜਾਅ ਤੱਕ ਪਹੁੰਚਾਇਆ ਜਾ ਸਕੇ।

ਭਾਈ ਰੰਧਾਵਾ ਦੀ ਗੱਡੀ ’ਤੇ ਸਖ਼ਤ ਹਮਲੇ ਦੀ ਨਿੰਦਾ, ਭਾਰਤੀ ਏਜੰਸੀਆਂ ਦੇ ਸ਼ਾਰਪਸ਼ੂਟਰਾਂ ਤੇ ਗੈਂਗਸਟਰਾਂ ਦੀ ਮਿਲੀਭੁਗਤ ਦਾ ਖਦਸ਼ਾ: ਗੁਰਮੀਤ ਸਿੰਘ ਤੂਰ



ਨਵੀਂ ਦਿੱਲੀ 30 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਸਰੀ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਅਤੇ ਐਸਐਫਜੇ ਦੇ ਸਰਗਰਮ ਕਾਰਕੁਨ ਭਾਈ ਨਰਿੰਦਰ ਸਿੰਘ ਰੰਧਾਵਾ ਦੇ ਘਰ ਦੇ ਬਾਹਰ ਖੜ੍ਹੀ ਕਾਰ ਨੂੰ ਨਿਸ਼ਾਨਾ ਬਣਾ ਕੇ ਇੱਕ ਜ਼ਬਰਦਸਤ ਧਮਾਕਾ ਕੀਤਾ ਗਿਆ। ਇਸ ਖ਼ੌਫ਼ਨਾਕ ਹਮਲੇ ਦੇ ਫਲਸਰੂਪ ਗੱਡੀ ਦੇ ਪਰਖਚੇ ਉੱਡ ਗਏ ਅਤੇ ਕਾਰ ਦੀ ਅਗਲੀ ਵਿੰਡਸ਼ੀਲਡ ਸਮੇਤ ਸਨਰੂਫ਼ ਲਗਭਗ ਪੱਚੀ ਫੁੱਟ ਉੱਚੇ ਦਰੱਖਤ ਉੱਤੇ ਜਾ ਟੰਗੇ ਗਏ। ਇਸ ਤੋਂ ਇਲਾਵਾ ਸ਼ਹੀਦ ਨਿੱਝਰ ਟੀਮ ਦੀ ਬੱਸ ਉੱਤੇ ਬਣੀ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਤਸਵੀਰ ਉੱਪਰ ਚਿੱਟਾ ਰੰਗ ਮਲ ਕੇ ਉਸ ਨੂੰ ਖ਼ਰਾਬ ਕਰਨ ਦੀ ਸ਼ਰਾਰਤ ਵੀ ਕੀਤੀ ਗਈ। ਅੱਧੀ ਰਾਤ ਦੇ ਵਕਤ ਅੰਜਾਮ ਦਿੱਤੀ ਗਈ ਇਸ ਘਿਨੌਣੀ ਹਰਕਤ ਬਾਰੇ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਖ਼ਦਸ਼ਾ ਜ਼ਾਹਰ ਕੀਤਾ ਹੈ ਕਿ ਇਹ ਹਮਲਾ ਭਾਰਤੀ ਏਜੰਸੀਆਂ ਦੇ ਸ਼ਾਰਪਸ਼ੂਟਰਾਂ ਅਤੇ ਗੈਂਗਸਟਰਾਂ ਦੀ ਮਿਲੀਭੁਗਤ ਨਾਲ ਕੀਤਾ ਗਿਆ ਹੈ। ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਅਤੇ ਸਮੂਹ ਸੇਵਾਦਾਰਾਂ ਨੇ ਇਸ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਆਖਿਆ ਕਿ ਸਾਰੀ ਸੰਗਤ ਭਾਈ ਰੰਧਾਵਾ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ। ਭਾਈ ਗੁਰਮੀਤ ਸਿੰਘ ਤੂਰ ਅਤੇ ਹਮਖਿਆਲ ਸਿੱਖ ਜਥੇਬੰਦੀਆਂ ਨੇ ਸਪੱਸ਼ਟ ਕੀਤਾ ਕਿ ਅਜਿਹੀਆਂ ਸਾਜ਼ਿਸ਼ਾਂ ਸਿੱਖ ਕੌਮ ਨੂੰ ਆਪਣੇ ਕੌਮੀ ਮਿਸ਼ਨ ਖ਼ਾਲਿਸਤਾਨ ਰੈਫ਼ਰੈਂਡਮ ਤੋਂ ਕਦਾਚਿਤ ਪਿੱਛੇ ਨਹੀਂ ਹਟਾ ਸਕਦੀਆਂ। ਉਨ੍ਹਾਂ ਐਲਾਨ ਕੀਤਾ ਕਿ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਸੋਚ ਉੱਤੇ ਪਹਿਰਾ ਦਿੰਦਿਆਂ ਕੌਮੀ ਆਜ਼ਾਦੀ ਦੇ ਇਸ ਸੰਘਰਸ਼ ਵਿੱਚ ਨਿਰੰਤਰ ਯੋਗਦਾਨ ਪਾਇਆ ਜਾਂਦਾ ਰਹੇਗਾ।

ਆਵਾਜ਼ ਕੌਮ AWAZE QAUM International Newspaper & WEB TV

ਪਰਮਜੀਤ ਸਿੰਘ ਸਰਨਾ ਦੀ ਪਾਕਿਸਤਾਨੀ ਸਫ਼ੀਰ ਨਾਲ ਮੁਲਾਕਾਤ

ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਰ ਸੰਗਤ ਲਈ ਵੀਜ਼ੇ ਯਕੀਨੀ ਬਣਾਉਣ ਦੀ ਮੰਗ



ਨਵੀਂ ਦਿੱਲੀ 30 **ਅਕਤੂਬਰ** (**ਮਨਪ੍ਰੀਤ ਸਿੰਘ ਖਾਲਸਾ**)-ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਦੀ ਇੱਛਾ ਰੱਖਣ ਵਾਲੀ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਪਾਕਿਸਤਾਨੀ ਸਫ਼ੀਰ ਸਾਦ ਅਹਿਮਦ ਵੜੈਚ ਨਾਲ ਮੁਲਾਕਾਤ ਕਰਕੇ ਹਰ ਯੋਗ ਸ਼ਰਧਾਲੂ ਨੂੰ ਬਿਨਾਂ ਬੇਲੋੜੀ ਰੁਕਾਵਟ ਦੇ ਵੀਜ਼ਾ ਜਾਰੀ ਕਰਨ ਦੀ ਪੁਰਜ਼ੋਰ ਮੰਗ ਕੀਤੀ। ਸਰਨਾ ਨੇ ਕਿਹਾ ਕਿ ਗੁਰੂ ਸਾਹਿਬ ਦੀ ਪਾਵਨ ਜਨਮ ਧਰਤੀ ਨਨਕਾਣਾ ਸਾਹਿਬ ਸਮੇਤ ਪਾਕਿਸਤਾਨ ਦੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਸੰਗਤਾਂ ਵਿੱਚ ਭਾਰੀ ਉਤਸ਼ਾਹ ਹੈ ਅਤੇ ਧਾਰਮਿਕ ਯਾਤਰਾ ਨੂੰ ਕਿਸੇ ਵੀ ਤਰ੍ਹਾਂ ਦੀ ਗੈਰ-ਜ਼ਰੂਰੀ ਰੋਕ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ। ਸਰਨਾ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨਾਲ ਜੁੜੀ ਯਾਤਰਾ ਸਿਰਫ਼ ਇੱਕ ਸਫ਼ਰ ਨਹੀਂ, ਸਗੋਂ ਸੰਗਤ ਦੀ ਸ਼ਰਧਾ ਅਤੇ ਗੁਰੂ ਸਾਹਿਬ ਦੀ ਪਾਵਨ ਯਾਦ ਨਾਲ ਜੁੜਿਆ ਮੌਕਾ ਹੈ। ਇਸ ਲਈ ਜਿਹੜਾ ਵੀ ਸ਼ਰਧਾਲੂ ਨਿਯਮਾਂ ਅਨੁਸਾਰ ਵੀਜ਼ੇ ਲਈ ਅਰਜ਼ੀ ਦਿੰਦਾ ਹੈ, ਉਸ ਦੀ ਅਰਜ਼ੀ 'ਤੇ ਹਮਦਰਦੀ ਨਾਲ ਵਿਚਾਰ ਕਰਦਿਆਂ ਵੱਧ ਤੋਂ ਵੱਧ ਵੀਜ਼ੇ ਜਾਰੀ ਕੀਤੇ ਜਾਣ। ਉਨ੍ਹਾਂ ਆਸ ਪ੍ਰਗਟਾਈ ਕਿ ਪਾਕਿਸਤਾਨ ਸਰਕਾਰ ਇਸ ਮੰਗ ਨੂੰ ਗੰਭੀਰਤਾ ਨਾਲ ਲੈਂਦਿਆਂ ਸੰਗਤ ਲਈ ਸੁਖਾਲਾ ਮਾਹੌਲ ਯਕੀਨੀ ਬਣਾਏਗੀ। ਉਨ੍ਹਾ ਦਸਿਆ ਕਿ ਇਸ ਮੌਕੇ ਪਾਕਿਸਤਾਨੀ ਸਫ਼ੀਰ ਸਾਦ ਅਹਿਮਦ ਵੜੈਚ ਨੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੱਧ ਤੋਂ ਵੱਧ ਸੰਗਤਾਂ ਨੂੰ ਵੀਜ਼ੇ ਜਾਰੀ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ ਅਤੇ ਧਾਰਮਿਕ ਯਾਤਰਾ ਲਈ ਆਉਣ ਵਾਲੀਆਂ ਸੰਗਤਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਵੇਗਾ। ਮੁਲਾਕਾਤ ਦੌਰਾਨ ਕਰਤਾਰ ਸਿੰਘ ਵਿੱਕੀ ਚਾਵਲਾ, ਰਵਿੰਦਰ ਸਿੰਘ ਸਭਰਵਾਲ, ਤਜਿੰਦਰ ਸਿੰਘ ਗੋਪਾ ਅਤੇ ਰਮਨਦੀਪ ਸਿੰਘ ਸੋਨੂੰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਬਾਲੀਆ ਮੰਝਪੁਰ ਵਿਖੇ ਸਖੀਆਂ ਲਈ ਵਿਸ਼ੇਸ਼ ਧੰਨਵਾਦੀ ਸਮਾਗਮ

ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਤੀਜੀ ਕਿਸ਼ਤ 1 ਨਵੰਬਰ ਨੂੰ ਹੋਵੇਗੀ ਜਾਰੀ: ਸ. ਈ.ਟੀ.ਓ



ਜੰਡਿਆਲਾ ਗੁਰੂ, 30 **ਅਕਤੂਬਰ** (**ਕੁਲਵੰਤ ਸਿੰਘ ਵਿਰਦੀ**)-ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਬਾਲੀਆ ਮੰਝਪੁਰ ਵਿਖੇ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਸਖੀਆਂ ਦੇ ਸਨਮਾਨ ਵਿੱਚ ਵਿਸ਼ੇਸ਼ ਧੰਨਵਾਦੀ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸਖੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਤੀਜੀ ਕਿਸ਼ਤ 1 ਨਵੰਬਰ ਨੂੰ ਜਾਰੀ ਕੀਤੀ ਜਾਵੇਗੀ ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਇੱਕ ਪ੍ਰਮੁੱਖ ਯੋਜਨਾ ਹੈ, ਜਿਸ ਤਹਿਤ ਸੂਬੇ ਦੀਆਂ ਮਾਵਾਂ ਅਤੇ ਧੀਆਂ ਨੂੰ ਆਰਥਿਕ ਸਹਾਇਤਾ ਵਜੋਂ ਮਹੀਨਾਵਾਰ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਅਨੁਸੂਚਿਤ ਜਾਤੀ ਵਰਗ ਦੀਆਂ ਲਾਭਪਾਤਰੀਆਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਜਨਰਲ ਵਰਗ ਨਾਲ ਸੰਬੰਧਿਤ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਰਾਹੀਂ ਪੰਜਾਬ ਸਰਕਾਰ ਨੇ ਮਾਵਾਂ ਅਤੇ ਧੀਆਂ ਨੂੰ ਸਨਮਾਨ ਦੇਣ ਦਾ ਉਪਰਾਲਾ ਕੀਤਾ ਹੈ। ਇਸ ਯੋਜਨਾ ਦੇ ਲਾਭਾਂ ਨੂੰ ਘਰ-ਘਰ ਅਤੇ ਹੇਠਲੇ ਪੱਧਰ ਤੱਕ ਪਹੁੰਚਾਉਣ ਵਿੱਚ ਸਖੀਆਂ ਨੇ ਬਹੁਤ ਹੀ ਅਹਿਮ ਭੂਮਿਕਾ ਨਿਭਾਈ ਹੈ, ਜਿਸ ਲਈ ਉਹ ਵਧਾਈ ਅਤੇ ਧੰਨਵਾਦ ਦੀਆਂ ਹੱਕਦਾਰ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਦਿੱਤੀਆਂ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਹੈ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।

ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਵਿੱਚ ਸਖੀਆਂ ਦਾ ਯੋਗਦਾਨ ਬੇਹੱਦ ਅਹਿਮ : ਹਰਭਜਨ ਸਿੰਘ ਈ.ਟੀ.ਓ.

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰੂ ਕਾਸ਼ੀ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਵੱਲੋਂ "ਕਰਵਾ ਚੌਥ" ਮੌਕੇ ਸ਼ਾਨਦਾਰ ਪ੍ਰਦਰਸ਼ਨੀ





ਤਲਵੰਡੀ ਸਾਬੋ, 30 **ਅਕਤੂਬਰ** (**ਗੁਰਜੰਟ ਸਿੰਘ ਨਥੇਹਾ**)- ਸੁਆਣੀਆਂ ਦੇ ਤਿਉਹਾਰ "ਕਰਵਾ ਚੌਥ" ਮੌਕੇ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ਼ ਯੂਵਾ ਮਾਮਲਿਆਂ ਅਤੇ ਸੱਭਿਆਚਾਰ ਵੱਲੋਂ ਪੰਜਾਬੀ ਅਮੀਰ ਵਿਰਸੇ ਨੂੰ ਦਰਸਾਉਂਦੀ ਪ੍ਰਦਰਸ਼ਨੀ ਦਾ ਉਦਘਾਟਨ ਮੁੱਖ ਮਹਿਮਾਨ ਚਾਂਸਲਰ ਗੁਰਲਾਭ ਸਿੰਘ ਸਿੱਧੂ ਵੱਲੋਂ ਕੀਤਾ ਗਿਆ। ਇਸ ਵਿੱਚ ਵਾਈਸ ਚਾਂਸਲਰ ਡਾ. ਬਲਰਾਜ ਸਿੰਘ, ਜ. ਸਕੱਤਰ ਇੰਜੀਨੀਅਰ ਸੁਖਵਿੰਦਰ ਸਿੰਘ ਅਤੇ ਡਾਇਰੈਕਟਰ ਕੈਂਪਸ ਡਾ.ਹਰਜਸਪਾਲ ਸਿੰਘ ਸਿੱਧੂ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਵਰਸਿਟੀ ਦੀਆਂ ਵਿਦਿਆਰਥਣਾਂ ਵੱਲੋਂ ਅਮੀਰ ਪੰਜਾਬੀ ਵਿਰਸੇ ਨਾਲ ਸੰਬੰਧਿਤ ਵਸਤਾਂ ਕੰਗਣ,ਕੁਰਦੇ,ਕਾਂਟੇ,ਰੁਮਾਲ,ਫੁਲਕਾਰੀਆਂ,ਕਢਾਈਦਾਰ ਸੂਟ, ਥੈਲੇ, ਕਰੋਸ਼ੀਏ ਤੋਂ ਬਣਾਏ ਸਵੈਟਰਾਂ, ਗੁੱਤਾਂ-ਪਰਾਂਦੀਆਂ ਅਤੇ ਮਹਿੰਦੀ ਦੀ ਪ੍ਰਦਰਸ਼ਨੀ ਲਗਾਈ ਗਈ। ਡਾਇਰੈਕਟਰ ਯੂਵਾ ਮਾਮਲਿਆਂ ਅਤੇ ਸੱਭਿਆਚਾਰ ਡਾ. ਕੰਵਲਜੀਤ ਕੌਰ ਵੱਲੋਂ ਆਯੋਜਿਤ ਇਸ ਪ੍ਰੋਗਰਾਮ ਵਿੱਚ ਮਹਿਮਾਨਾਂ ਦੇ ਮੰਨੋਰੰਜਨ ਲਈ ਕਈ ਤਰ੍ਹਾਂ ਦੇ ਖੇਡ ਮੁਕਾਬਲਿਆਂ, ਲੋਕ-ਨਾਚਾਂ ਬਾਰੇ ਵੀ ਸ਼ਾਨਦਾਰ ਪੇਸ਼ਕਾਰੀਆਂ ਕੀਤੀਆਂ ਗਈਆਂ। ਪ੍ਰਦਰਸ਼ਨੀ ਵਿੱਚ ਵੱਖ-ਵੱਖ ਡੀਨਾਂ ਤੇ ਸੱਭਿਆਚਾਰਕ ਸੰਸੋਜਕਾਂ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਨੇ ਦਹੀਂ-ਭੱਲੇ, ਗੋਲ-ਗੱਪੇ, ਫਰੂਟ-ਚਾਟ, ਕੇਡੀ, ਕੇਕ, ਬਿਸਕੁਟ, ਜੂਸ ਅਤੇ ਸੁਆਦੀ ਭੋਜਨ ਦੀਆਂ ਸਟਾਲਾਂ ਲਾਈਆਂ ਜੋ ਮਹਿਮਾਨਾਂ ਦੀ ਖਿੱਚ ਦਾ ਕੇਂਦਰ ਰਹੀਆਂ। ਇਸ ਮੌਕੇ ਦਰਸ਼ਕਾਂ ਦੇ ਉਤਸ਼ਾਹ ਨੂੰ ਵੇਖਦੇ ਹੋਏ ਮੁੱਖ ਮਹਿਮਾਨ ਚਾਂਸਲਰ ਸਿੱਧੂ ਨੇ ਕਿਹਾ ਕਿ ਵਿਦਿਆਰਥਣਾਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਅਕਾਦਮਿਕ ਡਿਗਰੀਆਂ ਦੇ ਨਾਲ-ਨਾਲ ਆਪਣੇ ਹੁਨਰ ਨੂੰ ਵੀ ਨਿਖਾਰਨਾਂ ਪਵੇਗਾ, ਉਹਨਾਂ ਵਿਦਿਆਰਥੀਆਂ ਨੂੰ ਆਪਣੇ ਸਟਾਰਟ-ਅੱਪ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ। ਵਾਈਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਅਜਿਹੇ ਆਯੋਜਨ ਵਿਦਿਆਰਥਣਾਂ ਨੂੰ ਆਪਣੇ ਰੁਜ਼ਗਾਰ ਸ਼ੁਰੂ ਕਰਨ ਲਈ ਹੁਲਾਰਾ ਦਿੰਦੇ ਹਨ। ਉਹਨਾਂ ਆਖਿਆ ਕਿ ਖਾਣ-ਪੀਣ ਦੀਆਂ ਸਟਾਲਾਂ ਦਾ ਲਾਇਆ ਜਾਣਾ ਅਜਿਹੀਆਂ ਪ੍ਰਦਰਸ਼ਨੀਆਂ ਵਿੱਚ ਨਵਾਂ ਰੰਗ ਭਰਦਾ ਹੈ ਤੇ ਅਜਿਹੀਆਂ ਗਤੀਵਿਧੀਆਂ ਰਾਹੀਂ ਵਿਦਿਆਰਥੀ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੁੜਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਖਾਦਾਂ ਦੀ ਵਰਤੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਹੀ ਕੀਤੀ ਜਾਵੇ: ਮੁੱਖ ਖੇਤੀਬਾੜੀ ਅਫ਼ਸਰ

ਕਿਸਾਨ ਕਣਕ ਦੀ ਬਿਜਾਈ ਸਮੇਂ ਡੀ.ਏ.ਪੀ. ਤੋਂ ਇਲਾਵਾ ਹੋਰ ਫਾਸਫੇਟਿਕ ਖਾਦਾਂ ਦੀ ਵੀ ਕਰਨ ਵਰਤੋਂ



ਜੰਡਿਆਲਾ ਗੁਰੂ , 30 ਅਕਤੂਬਰ: (ਕੁਲਵੰਤ ਸਿੰਘ ਵਿਰਦੀ)ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਸ੍ਰੀ ਅਮਰਜੀਤ ਸਿੰਘ ਦੋਸਾਂਝ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਲਈ ਫਾਸਫੇਟਿਕ ਅਤੇ ਯੂਰੀਆ ਖਾਦ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਖਾਦਾਂ ਦੀ ਸਪਲਾਈ ਨਿਰੰਤਰ ਜਾਰੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਹੀ ਖਾਦਾਂ ਦੀ ਖਰੀਦ ਅਤੇ ਵਰਤੋਂ ਕਰਨ ਅਤੇ ਖਾਦਾਂ ਦੀ ਬੇਲੋੜੀ ਸਟੋਰੇਜ ਨਾ ਕਰਨ ਕਣਕ ਦੀ ਬਿਜਾਈ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਦਿਆਂ ਉਨ੍ਹਾਂ ਦੱਸਿਆ ਕਿ ਫ਼ਸਲ ਵਿੱਚ ਲੋੜੀਂਦੇ ਤੱਤਾਂ ਦੀ ਪੂਰਤੀ ਲਈ ਜੈਵਿਕ ਖਾਦਾਂ, ਜੀਵਾਣੂ ਖਾਦਾਂ ਅਤੇ ਰਸਾਇਣਕ ਖਾਦਾਂ ਦੇ ਸੁਮੇਲ ਦੀ ਵਰਤੋਂ ਕਰਨੀ ਚਾਹੀਦੀ ਹੈ। ਜਿਨ੍ਹਾਂ ਖੇਤਾਂ ਵਿੱਚ ਆਲੂ ਅਤੇ ਮਟਰ ਦੀ ਬਿਜਾਈ ਤੋਂ ਪਹਿਲਾਂ ਡੀ.ਏ.ਪੀ. ਖਾਦ ਦੀ ਵਰਤੋਂ ਕੀਤੀ ਗਈ ਹੈ, ਉਨ੍ਹਾਂ ਖੇਤਾਂ ਵਿੱਚ ਕਣਕ ਦੀ ਬਿਜਾਈ ਸਮੇਂ ਫਾਸਫੋਰਸ ਖਾਦ ਪਾਉਣ ਦੀ ਲੋੜ ਨਹੀਂ ਪੈਂਦੀ ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਬਿਜਾਈ ਲਈ ਡੀ.ਏ.ਪੀ. ਤੋਂ ਇਲਾਵਾ ਬਾਜ਼ਾਰ ਵਿੱਚ ਉਪਲਬਧ ਹੋਰ ਫਾਸਫੇਟਿਕ ਖਾਦਾਂ ਦੀ ਵਰਤੋਂ ਕਰਕੇ ਫ਼ਸਲ ਦੀ ਬਿਜਾਈ ਸਮੇਂ ਸਿਰ ਕਰਨ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਫਾਸਫੋਰਸ ਤੱਤ ਦੀ ਪੂਰਤੀ ਲਈ ਡੀ.ਏ.ਪੀ. ਤੋਂ ਇਲਾਵਾ ਟ੍ਰਿਪਲ ਸੁਪਰ ਫਾਸਫੇਟ (ਟੀ ਐੱਸ.ਪੀ.) 46 ਫ਼ੀਸਦੀ ਖਾਦ ਦੀ ਸਪਲਾਈ ਵੀ ਕਣਕ ਦੀ ਬਿਜਾਈ ਲਈ ਕਰਵਾਈ ਜਾ ਰਹੀ ਹੈ, ਜਿਸ ਵਿੱਚ ਡੀ.ਏ.ਪੀ. ਦੇ ਬਰਾਬਰ 46 ਫ਼ੀਸਦੀ ਫਾਸਫੋਰਸ ਤੱਤ ਮੌਜੂਦ ਹੁੰਦਾ ਹੈ। ਉਨ੍ਹਾਂ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਪ੍ਰਤੀ ਏਕੜ ਇੱਕ ਬੈਗ ਡੀ.ਏ.ਪੀ. ਜਾਂ ਟੀ ਐੱਸ.ਪੀ. ਖਾਦ ਦੀ ਵਰਤੋਂ ਕਰਕੇ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਜੇਕਰ ਟੀ.ਐੱਸ.ਪੀ. 46 ਫ਼ੀਸਦੀ ਖਾਦ ਦੀ ਵਰਤੋਂ ਕੀਤੀ ਜਾਂਦੀ ਹੈ ਤਾਂ ਇਸ ਦੇ ਨਾਲ 20 ਕਿਲੋਗ੍ਰਾਮ ਯੂਰੀਆ ਖਾਦ ਪ੍ਰਤੀ ਏਕੜ ਬਿਜਾਈ ਸਮੇਂ ਛੱਟੇ ਨਾਲ ਪਾਈ ਜਾ ਸਕਦੀ ਹੈ। ਇਸ ਨਾਲ ਡੀ.ਏ.ਪੀ. ਖਾਦ ਦੇ ਬਰਾਬਰ ਨਾਈਟ੍ਰੋਜਨ ਅਤੇ ਫਾਸਫੋਰਸ ਤੱਤਾਂ ਦੀ ਪੂਰਤੀ ਕੀਤੀ ਜਾ ਸਕਦੀ ਹੈ। ਇਸੇ ਤਰ੍ਹਾਂ ਜੇਕਰ ਕਣਕ ਦੀ ਬਿਜਾਈ ਸਿੰਗਲ ਸੁਪਰ ਫਾਸਫੇਟ (ਐੱਸ.ਐੱਸ.ਪੀ.) 16 ਫ਼ੀਸਦੀ ਫਾਸਫੋਰਸ ਖਾਦ ਦੀ ਵਰਤੋਂ ਨਾਲ ਕਰਨੀ ਹੋਵੇ ਤਾਂ ਪ੍ਰਤੀ ਏਕੜ 155 ਕਿਲੋਗ੍ਰਾਮ ਸਿੰਗਲ ਸੁਪਰ ਫਾਸਫੇਟ ਦੀ ਵਰਤੋਂ ਕਰਕੇ ਫ਼ਸਲ ਵਿੱਚ ਫਾਸਫੋਰਸ ਤੱਤ ਦੀ ਪੂਰਤੀ ਕੀਤੀ ਜਾ ਸਕਦੀ ਹੈ ਇਸ ਤੋਂ ਇਲਾਵਾ ਹੋਰਨਾਂ ਐਨ.ਪੀ.ਕੇ ਖਾਦਾਂ ਜਿੰਨਾਂ ਵਿੱਚ ਨਾਈਟ੍ਰੋਜਨ, ਫਾਸਫੋਰਸ, ਅਤੇ ਪੋਟਾਸ਼ ਤੱਤ ਹੁੰਦੇ ਮੌਜੂਦ ਹੁੰਦੇ ਹਨ ਜਿਵੇ ਕਿ ਐਨ.ਪੀ.ਕੇ 16-16-16, ਐਨ.ਪੀ.ਕੇ 15-15-15, ਐਨ.ਪੀ.ਕੇ 12-32-16, 10-26-26 ਅਤੇ, ਅਮੋਨੀਅਮ ਫਾਸਫੇਟ ਸਲਫੇਟ 20-20-0-13 ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ। ਉਕਤ ਸਾਰੀਆਂ ਖਾਦਾਂ ਦੇ ਭਾਰਤ ਸਰਕਾਰ ਵੱਲੋਂ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਉਹਨਾਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਨਾਈਟ੍ਰੋਜਨ ਅਤੇ ਸਲਫਰ ਤੱਤ ਦੀ ਪੂਰਤੀ ਲਈ ਅਮੋਨੀਅਮ ਸਲਫੇਟ ਖਾਦ ਵੀ ਸਬਸਿਡੀ ਤੇ ਮੁਹੱਈਆ ਕਰਵਾਈ ਜਾ ਰਹੀ ਹੈ। ਕਣਕ ਦੀ ਫਸਲ ਵਿੱਚ ਖਾਦ ਦੀ ਵਰਤੋਂ ਸਬੰਧੀ ਹੋਰ ਵਧੇਰੇ ਤਕਨੀਕੀ ਜਾਣਕਾਰੀ ਲਈ ਕਿਸਾਨ ਵੀਰ ਆਪਣੇ ਨਜਦੀਕੀ ਖੇਤੀਬਾੜੀ ਦਫ਼ਤਰ ਵਿਚ ਤਾਇਨਾਤ ਖੇਤੀ ਮਾਹਿਰਾਂ ਨਾਲ ਰਾਬਤਾ ਕਰ ਸਕਦੇ ਹਨ।

ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ

ਪ੍ਰਕਾਸ਼ ਗੁਰਪੁਰਬ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ



ਫ਼ਿਰੋਜ਼ਪੁਰ, 30 ਅਕਤੂਬਰ (ਮਨੋਹਰ ਲਾਲ) -ਧੰਨ—ਧੰਨ ਰਾਮਦਾਸ ਗੁਰੂ ਜਿਨਿ ਸਿਰਿਆ ਤਿਨੈ ਸਵਾਰਿਆ।। ਪੂਰੀ ਹੋਈ ਕਰਮਾਤਿ ਆਪਿ ਸਿਰਜਹਾਰੈ ਧਾਰਿਆ।। ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ ਆਸਲ ਵਿਖੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 27 ਅਕਤੂਬਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ, ਜਿਨ੍ਹਾਂ ਦੇ ਭੋਗ ਮਿਤੀ 29 ਅਕਤੂਬਰ 2026 (13 ਕੱਤਕ) ਦਿਨ ਵੀਰਵਾਰ ਨੂੰ ਪਾਏ ਗਏ, ਉਪਰੰਤ ਖੁੱਲੇ ਪੰਡਾਲ ਵਿਚ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਰਾਗੀ ਜਥਿਆਂ ਅਤੇ ਕਵੀਸ਼ਰੀ ਜਥਿਆਂ ਨੇ ਰਸਭਿੰਨੇ ਕੀਰਤਨ ਤੇ ਕਵੀਸ਼ਰੀ ਵਾਰਾਂ ਨਾਲ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸਮੌਕੇ ਸੰਤ ਬਾਬਾ ਅਵਤਾਰ ਸਿੰਘ ਸੰਪਰਦਾਇ ਬਾਬਾ ਬਿਧੀ ਚੰਦ ਜੀ ਸੁਰ ਸਿੰਘ ਵਾਲੇ, ਸੰਤ ਬਾਬਾ ਗੁਰਬਚਨ ਸਿੰਘ ਸੰਪਰਦਾਇ ਬਾਬਾ ਬਿਧੀ ਚੰਦ ਸੁਰ ਸਿੰਘ ਵਾਲੇ, ਸੰਤ ਬਾਬਾ ਸੁੱਚਾ ਸਿੰਘ ਨਾਨਕਸਰ ਛਾਂਗਾ ਖੁਰਦ, ਸੰਤ ਬਾਬਾ ਬੋਹੜ ਸਿੰਘ ਚੂਤਾਂ ਵਾਲੇ, ਸੰਤ ਬਾਬਾ ਹਰਭਜਨ ਸਿੰਘ ਸੰਤ ਸਾਹਿਬ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਢਾਬਸਰ ਬੋਹੜੀ ਵਾਲੇ, ਬਾਬਾ ਸੁਖਜੀਤ ਸਿੰਘ ਫ਼ਿਰੋਜ਼ਪੁਰ ਵਾਲੇ, ਗਿਆਨੀ ਸੰਤੋਖ ਸਿੰਘ, ਭਾਈ ਸੁਖਵਿੰਦਰ ਸਿੰਘ ਜਾਮਨੀ ਸਾਹਿਬ ਵਾਲੇ, ਭਾਈ ਬਲਵੀਰ ਸਿੰਘ ਪਾਰਸ, ਭਾਈ ਸੁਖਦੇਵ ਸਿੰਘ, ਭਾਈ ਹਰਮੀਤ ਸਿੰਘ, ਭਾਈ ਅੰਮ੍ਰਿਤਪ੍ਰੀਤ ਸਿੰਘ ਰਾਗੀ ਜਥਾ ਫ਼ਿਰੋਜ਼ਪੁਰ ਵਾਲੇ, ਭਾਈ ਕੁਲਦੀਪ ਸਿੰਘ ਲੱਖੋ ਕੇ ਬਹਿਰਾਮ, ਬੀਬੀ ਦਲਜੀਤ ਕੌਰ ਕਥਾਵਾਚਕ ਅਰਮਾਨਪੁਰੇ ਵਾਲੇ, ਭਾਈ ਬੋਹੜ ਸਿੰਘ ਢਾਡੀ ਜਥਾ ਬਾਰੇ ਕੇ ਅਤੇ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੇ ਸੰਗਤਾਂ ਨੂੰ ਕਥਾ ਵਿਚਾਰਾਂ, ਕਵੀਸ਼ਰੀ ਅਤੇ ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਨੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਦੀਆਂ ਸੰਗਤਾਂ ਨੂੰ ਵਧਾਈ ਦਿੰਦੇ ਹੋਏ ਗੁਰੂ ਸਾਹਿਬ ਜੀ ਦੇ ਜੀਵਨ ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਗੁਰੂ ਰਾਮਦਾਸ ਜੀ ਦਾ ਜਨਮ ਲਾਹੌਰ ਦੀ ਚੂਨਾ ਮੰਡੀ ਵਿਚ ਪਿਤਾ ਹਰੀਦਾਸ ਜੀ ਅਤੇ ਮਾਤਾ ਦਯਾ ਕੌਰ ਜੀ ਦੇ ਘਰ ਹੋਇਆ ਅਤੇ ਉਨ੍ਹਾਂ ਦਾ ਬਚਪਨ ਦਾ ਨਾਮ ਭਾਈ ਜੇਠਾ ਜੀ ਸੀ। ਆਪ ਤੀਜੇ ਗੁਰੂ ਅਮਰਦਾਸ ਜੀ ਦੇ ਸੰਪਰਕ ਵਿਚ ਆਏ ਅਤੇ ਸ੍ਰੀ ਗੋਇੰਦਵਾਲ ਦੀ ਧਰਤੀ ਤੇ ਸ੍ਰੀ ਗੁਰੂ ਅਮਰਦਾਸ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਬਾਬਾ ਜੀ ਨੇ ਸਮਾਗਮ ਵਿਚ ਦੂਰੋਂ—ਨੇੜਿਓਂ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ, ਸੰਗਤਾਂ ਨੂੰ ਅੰਮ੍ਰਿਤ ਛਕਣ ਤੇ ਗੁਰੂ ਘਰ ਨਾਲ ਜੁੜਨ ਦੀ ਪ੍ਰੇਰਣਾ ਦਿੱਤੀ। ਇਨ੍ਹਾਂ ਸਮਾਗਮਾਂ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ ਕੌਮ AWAZE QAUM International Newspaper & WEB TV

ਸਾਬਕਾ ਵਿਧਾਇਕ ਸਿੱਧੂ ਨੇ ਅਨਾਜ ਮੰਡੀਆਂ ਦਾ ਦੌਰਾ ਕਰਦਿਆਂ ਝੋਨਾ ਵੇਚਣ ਸਮੇਂ

ਕਿਸਾਨਾਂ ਨੂੰ ਦਰਪੇਸ਼ ਮੁਸ਼ਕਿਲਾਂ ਜਾਣੀਆਂ, ਹੱਲ ਦਾ ਦਿੱਤਾ ਭਰੋਸਾ



ਤਲਵੰਡੀ ਸਾਬੋ/ਮੌੜ ਮੰਡੀ, 30 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਹਲਕਾ ਮੌੜ ਤੋਂ ਕਾਂਗਰਸ ਦੀ ਅਗਵਾਈ ਕਰ ਰਹੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਅੱਜ ਮਾਈਸਰਖਾਨਾ ਅਤੇ ਥੰਮਣਗੜ੍ਹ ਪਿੰਡਾਂ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਦਿਆਂ ਕਿਸਾਨਾਂ ਨਾਲ ਮੁਲਾਕਾਤਾਂ ਕੀਤੀਆਂ ਅਤੇ ਝੋਨੇ ਦੀ ਫਸਲ ਵੇਚਣ ਸਮੇਂ ਉਨਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਬਾਰੇ ਜਾਣਿਆਂ ਤੇ ਜਲਦ ਹੱਲ ਦਾ ਯਕੀਨ ਵੀ ਦਵਾਇਆ। ਟੀਮ ਸਿੱਧੂ ਵੱਲੋਂ ਮੁਹੱਈਆ ਜਾਣਕਾਰੀ ਅਨੁਸਾਰ ਉਕਤ ਮੰਡੀਆਂ ਦੇ ਦੌਰੇ ਸਮੇਂ ਸਾਬਕਾ ਵਿਧਾਇਕ ਸਿੱਧੂ ਨੇ ਮੰਡੀਆਂ 'ਚ ਝੋਨਾ ਲੈਕੇ ਬੈਠੇ ਕਿਸਾਨਾਂ ਨਾਲ ਮੁਲਾਕਾਤਾਂ ਕੀਤੀਆਂ ਅਤੇ ਫਸਲ ਵੇਚਣ ਸਮੇਂ ਉਨਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਬਾਬਤ ਜਾਣਕਾਰੀ ਹਾਸਿਲ ਕੀਤੀ। ਕਿਸਾਨਾਂ ਨੇ ਕਈ ਕਿਸਮ ਦੀਆਂ ਮੁਸ਼ਕਿਲਾਂ ਤੋਂ ਉਨਾਂ ਨੂੰ ਜਾਣੂੰ ਕਰਵਾਇਆ ਜਿਸ ਤੇ ਕੁਝ ਮੁਸ਼ਕਿਲਾਂ ਦੇ ਹੱਲ ਲਈ ਤਾਂ ਉਨਾਂ ਮਹਿਕਮੇ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਹੱਲ ਕਰਨ ਲਈ ਕਿਹਾ ਜਦੋਂਕਿ ਕੁਝ ਵੱਡੀਆਂ ਮੁਸ਼ਕਿਲਾਂ ਸਬੰਧੀ ਉਨਾਂ ਨੇ ਕਿਸਾਨਾਂ ਨੂੰ ਯਕੀਨ ਦਵਾਇਆ ਕਿ ਉੱਚ ਅਧਿਕਾਰੀਆਂ ਨਾਲ ਸੰਪਰਕ ਕਰਕੇ ਇੰਨ੍ਹਾਂ ਨੂੰ ਹੱਲ ਕਰਵਾਉਣ ਦਾ ਯਤਨ ਕਰਨਗੇ। ਸਿੱਧੂ ਨੇ ਇਸ ਮੌਕੇ ਮੰਡੀਆਂ 'ਚ ਕੰਮ ਕਰਦੇ ਮਜ਼ਦੂਰਾਂ ਦੀਆਂ ਵੀ ਸਮੱਸਿਆਵਾਂ ਜਾਣੀਆਂ।ਗੱਲਬਾਤ ਦੌਰਾਨ ਸਿੱਧੂ ਨੇ ਕਿਹਾ ਕਿ ਬਦਲਾਅ ਦੇ ਨਾਂ ਤੇ ਸੱਤਾ 'ਚ ਆਈ ਸਰਕਾਰ ਨੇ ਵੈਸੇ ਤਾਂ ਪਿਛਲੇ ਪੌਣੇ ਪੰਜ ਸਾਲਾਂ ਤੋਂ ਹੀ ਕਿਸਾਨ ਵਿਰੋਧੀ ਕੰਮ ਕੀਤੇ ਹਨ ਪਰ ਮੌਜੂਦਾ ਸਮੇਂ ਜਦੋਂ ਝੋਨੇ ਦੀ ਵਾਢੀ ਦੌਰਾਨ ਕਿਸਾਨ ਆਪਣੀਆਂ ਪੁੱਤਾਂ ਵਾਂਗ ਪਾਲੀਆਂ ਫਸਲਾਂ ਨੂੰ ਮੰਡੀਆਂ 'ਚ ਲੈਕੇ ਆ ਰਹੇ ਹਨ ਤਾਂ ਉਨਾਂ ਨੂੰ ਕਈ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹੈ ਪਰ ਸੱਤਾਧਿਰ ਦੇ ਨੁਮਾਇੰਦਿਆਂ ਨੇ ਇਹ ਵੀ ਜ਼ਰੂਰੀ ਨਹੀ ਸਮਝਿਆ ਕਿ ਆਪਣੇ ਹੀ ਹਲਕੇ ਦੀਆਂ ਮੰਡੀਆਂ 'ਚ ਕੁਝ ਸਮਾਂ ਕੱਢ ਕੇ ਜਾਣ ਅਤੇ ਕਿਸਾਨਾਂ ਜਾਂ ਮੰਡੀਆਂ ਚ ਕੰਮ ਕਰਦੇ ਹੋਰ ਲੋਕਾਂ ਦੀਆਂ ਮੁਸ਼ਕਿਲਾਂ ਸੁਣਕੇ ਉਨਾਂ ਦਾ ਹੱਲ ਕਰਵਾ ਸਕਣ। ਉਨਾਂ ਕਿਹਾ ਕਿ ਉਹ ਸਮੱਸਿਆਵਾਂ ਦੇ ਹੱਲ ਲਈ ਉੱਚ ਅਧਿਕਾਰੀਆਂ ਨਾਲ ਮੁਲਾਕਾਤ ਕਰਨਗੇ। ਸਿੱਧੂ ਨਾਲ ਇਸ ਮੌਕੇ ਉਕਤ ਪਿੰਡਾਂ ਦੇ ਕਾਂਗਰਸੀ ਆਗੂ ਵੀ ਮੌਜੂਦ ਸਨ।



ਆਵਾਜ਼ ਕੌਮ AWAZE QAUM International Newspaper & WEB TV

ਠਠਿਆਰਾਂ ਗੇਟ ਦੇ ਬਾਹਰ ਸਿੱਧੂ ਡੇਅਰੀ ਦੇ ਨੇੜੇ ਕਾਫ਼ੀ ਸਮੇਂ ਤੋਂ ਲਾਵਾਰਸ ਹਾਲਤ ਵਿੱਚ ਖੜ੍ਹੀ ਮਾਰੂਤੀ ਸੁਜ਼ੂਕੀ ਕਾਰ ਮੁਹੱਲਾ ਵਾਸੀਆਂ ਲਈ ਬਣੀ ਪ੍ਰੇਸ਼ਾਨੀ ਦਾ ਕਾਰਨ



ਜੰਡਿਆਲਾ ਗੁਰੂ 30 ਅਕਤੂਬਰ (ਕੁਲਵੰਤ ਸਿੰਘ ਵਿਰਦੀ) - ਸਥਾਨਕ ਠਠਿਆਰਾਂ ਗੇਟ ਦੇ ਬਾਹਰ ਸਿੱਧੂ ਡੇਅਰੀ ਦੇ ਨੇੜੇ ਕਾਫ਼ੀ ਸਮੇਂ ਤੋਂ ਲਾਵਾਰਸ ਹਾਲਤ ਵਿੱਚ ਖੜ੍ਹੀ ਇੱਕ ਮਾਰੂਤੀ ਸੁਜ਼ੂਕੀ ਆਲਟੋ ਕਾਰ ਮੁਹੱਲਾ ਨਿਵਾਸੀਆਂ ਲਈ ਪ੍ਰੇਸ਼ਾਨੀ ਦਾ ਕਾਰਨ ਬਣੀ ਹੋਈ ਹੈ। ਮੁਹੱਲਾ ਨਿਵਾਸੀਆਂ ਅਨੁਸਾਰ ਇਸ ਕਾਰ ਸਬੰਧੀ ਪੁਲਿਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਲੋਕਾਂ ਨੇ ਚਿੰਤਾ ਜ਼ਾਹਿਰ ਕਰਦਿਆਂ ਦੱਸਿਆ ਕਿ ਜਿਸ ਜਗ੍ਹਾ ਇਹ ਕਾਰ ਖੜ੍ਹੀ ਹੈ, ਉਸਦੇ ਨਾਲ ਲੱਗਦੇ ਪਲਾਟ ਵਿੱਚ ਨਸ਼ੇੜੀਆਂ ਦਾ ਅੱਡਾ ਬਣਿਆ ਹੋਇਆ ਹੈ, ਜਿਸ ਕਾਰਨ ਇਲਾਕਾ ਨਿਵਾਸੀਆਂ ਵਿੱਚ ਡਰ ਅਤੇ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ। ਇਸ ਸਬੰਧੀ ਪੁਲਿਸ ਚੌਕੀ ਜੰਡਿਆਲਾ ਗੁਰੂ ਦੇ ਮੁਨਸ਼ੀ ਜੋਬਨ ਨੇ ਦੱਸਿਆ ਕਿ ਪੁਲਿਸ ਵੱਲੋਂ ਆਲੇ-ਦੁਆਲੇ ਪੁੱਛ-ਪੜਤਾਲ ਕਰਨ ਤੋਂ ਬਾਅਦ ਉਕਤ ਕਾਰ ਨੂੰ ਜ਼ਬਤ ਕਰ ਲਿਆ ਜਾਵੇਗਾ। ਮੁਹੱਲਾ ਨਿਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਲਾਵਾਰਸ ਖੜ੍ਹੀ ਕਾਰ ਦੀ ਮਾਲਕੀ ਸਬੰਧੀ ਜਾਂਚ ਕਰਵਾਈ ਜਾਵੇ ਅਤੇ ਨਾਲ ਲੱਗਦੇ ਪਲਾਟ ਵਿੱਚ ਕਥਿਤ ਤੌਰ 'ਤੇ ਨਸ਼ਾ ਕਰਨ ਵਾਲੇ ਸ਼ਰਾਰਤੀ ਅਨਸਰਾਂ ਦੀਆਂ ਗਤੀਵਿਧੀਆਂ 'ਤੇ ਵੀ ਨਜ਼ਰ ਰੱਖੀ ਜਾਵੇ, ਤਾਂ ਜੋ ਇਲਾਕੇ ਵਿੱਚ ਕਿਸੇ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।

ਆਵਾਜ਼ ਕੌਮ AWAZE QAUM International Newspaper & WEB TV

ਪਿੰਡ ਇਮਾਮ ਗੜ੍ਹ ਵਿਖੇ ਪੰਜਾਬੀ ਸਾਹਿਤ ਸਭਾ ਧੂਰੀ ਦਾ ਸਾਹਿਤਕ ਸਮਾਗਮ 01 ਨਵੰਬਰ ਨੂੰ

ਧੂਰੀ (ਰਣਜੀਤ ਸਿੰਘ ਪੇਧਨੀ) ਪੰਜਾਬੀ ਸਾਹਿਤ ਸਭਾ ਧੂਰੀ ਜਿਲ੍ਹਾ ਸੰਗਰੂਰ ਦਾ ਮਹੀਨਾਵਾਰ ਸਾਹਿਤਕ ਸਮਾਗਮ ਇਸ ਵਾਰੀ ਜਿਲ੍ਹਾ ਮਾਲੇਰਕੋਟਲਾ ਦੇ ਪਿੰਡ ਇਮਾਮ ਗੜ੍ਹ ਵਿਖੇ 01 ਨਵੰਬਰ (ਐਤਵਾਰ) ਨੂੰ ਸਵੇਰੇ 10 - 30 ਵਜੇ ਕੀਤਾ ਜਾਵੇਗਾ। ਡੇਰਾ ਬਾਬਾ ਸ਼ੀ ਚੰਦ ਜੀ ਉਦਾਸੀਨ ਆਸ਼ਰਮ ਵਿਖੇ ਮੁੱਖ ਸੇਵਾਦਾਰ ਮਹੰਤ ਸ਼ੀ ਹਰਪਾਲ ਦਾਸ ਜੀ ਦੀ ਸਰਪ੍ਰਸਤੀ ਅਧੀਨ ਹੋਣ ਵਾਲ਼ੇ ਇਸ ਸਮਾਰੋਹ ਵਿੱਚ ਹਰ ਮਹੀਨੇ ਹੋਣ ਵਾਲ਼ੇ ਕਾਰਜਾਂ ਤੋਂ ਇਲਾਵਾ ਪੰਜਾਬ , ਪੰਜਾਬੀ ਅਤੇ ਪੰਜਾਬੀਅਤ ਦੀ ਅਜੋਕੀ ਦਸ਼ਾ ਤੇ ਦਿਸ਼ਾ ਬਾਰੇ ਵਿਸਥਾਰ ਸਹਿਤ ਵਿਚਾਰ ਚਰਚਾ ਵੀ ਕੀਤੀ ਜਾਵੇਗੀ। ਕਵੀ ਦਰਬਾਰ ਵਿੱਚ ਹਾਜ਼ਰ ਕਵੀ ਆਪਣੀਆਂ ਸੱਜਰੀਆਂ ਅਤੇ ਚੋਣਵੀਆਂ ਰਚਨਾਵਾਂ ਪੇਸ਼ ਕਰਨਗੇ ਤੇ ਹਰ ਮਹੀਨੇ ਦੀ ਤਰ੍ਹਾਂ ਨਵੰਬਰ ਵਿੱਚ ਜਨਮੇਂ ਮੈਂਬਰਾਂ ਦਾ ਜਨਮ ਦਿਨ ਮਨਾ ਕੇ ਸਨਮਾਨਿਤ ਵੀ ਕੀਤਾ ਜਾਵੇਗਾ। ਪ੍ਰੈੱਸ ਨਾਲ਼ ਇਹ ਜਾਣਕਾਰੀ ਸਾਂਝੀ ਕਰਦਿਆਂ ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਅਤੇ ਜਨਰਲ ਸਕੱਤਰ ਚਰਨਜੀਤ ਮੀਮਸਾ ਨੇ ਮੈਂਬਰਾਂ ਤੋਂ ਇਲਾਵਾ ਇਲਾਕੇ ਦੇ ਹੋਰ ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਨੂੰ ਵੀ ਸ਼ਾਮਲ ਹੋਣ ਦੀ ਸਨਿਮਰ ਬੇਨਤੀ ਕੀਤੀ ਹੈ।



ਪੱਤਰਕਾਰਾਂ ਨੇ ਦਿਖਾਈ ਭਾਈਚਾਰਕ ਸਾਂਝ, ਭਗਵਾਨ ਸਿੰਘ ਸੈਦੋ ਲੇਹਲ ਦੀਕਸ਼ਿਤ ਦਾ ਹਾਲ ਜਾਣਿਆ



ਚੌਕ ਮਹਿਤਾ, 30 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਪੰਜਾਬੀ ਅਖ਼ਬਾਰ ਦੇ ਪੱਤਰਕਾਰ ਭਗਵਾਨ ਸਿੰਘ ਸੈਦੋ ਲੇਹਲ ਪੇਟ ਦੀ ਸਰਜਰੀ ਤੋਂ ਬਾਅਦ ਹਸਪਤਾਲ ਤੋਂ ਛੁੱਟੀ ਮਿਲਣ ਉਪਰੰਤ ਆਪਣੇ ਗ੍ਰਹਿ ਵਿਖੇ ਪਹੁੰਚ ਚੁੱਕੇ ਹਨ। ਉਨ੍ਹਾਂ ਦੀ ਸਿਹਤਯਾਬੀ ਚੌਕ ਮਹਿਤਾ ਤੋਂ ਸੀਨੀਅਰ ਪੱਤਰਕਾਰ ਕੈਪਟਨ ਸਿੰਘ ਮਹਿਤਾ, ਧਰਮਿੰਦਰ ਸਿੰਘ ਭੁੰਮਰਾ, ਤਰਸੇਮ ਸਿੰਘ ਬਾਠ (ਸਾੜੁਪੁਰ), ਵਰਿੰਦਰ ਬਾਊ, ਰਾਜਦੀਪ ਸਿੰਘ ਰਾਜੂ ਅਤੇ ਬਾਬਾ ਸੁਖਵੰਤ ਸਿੰਘ ਚੰਨਣਕੇ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ। ਉਕਤ ਪੱਤਰਕਾਰਾਂ ਨੇ ਭਗਵਾਨ ਸਿੰਘ ਸੈਦੋ ਲੇਹਲ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀ ਸਿਹਤ ਸਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਆਖਿਆ ਕਿ ਸਿਹਤ ਸਭ ਤੋਂ ਵੱਡੀ ਦੌਲਤ ਹੈ। ਇਸ ਮੌਕੇ ਸਮੂਹ ਪੱਤਰਕਾਰਾਂ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਭਗਵਾਨ ਸਿੰਘ ਸੈਦੋ ਲੇਹਲ ਨੂੰ ਜਲਦ ਪੂਰੀ ਤਰ੍ਹਾਂ ਤੰਦਰੁਸਤੀ ਬਖ਼ਸ਼ਣ ਅਤੇ ਉਨ੍ਹਾਂ ਨੂੰ ਚੰਗੀ ਸਿਹਤ ਨਾਲ ਨਿਵਾਜਣ। ਉਨ੍ਹਾਂ ਕਿਹਾ ਕਿ ਭਗਵਾਨ ਸਿੰਘ ਇੱਕ ਮਿਹਨਤੀ ਅਤੇ ਸਮਰਪਿਤ ਪੱਤਰਕਾਰ ਹਨ, ਜਿਨ੍ਹਾਂ ਨੇ ਹਮੇਸ਼ਾ ਆਪਣੀ ਕਲਮ ਰਾਹੀਂ ਸਮਾਜ ਦੀ ਆਵਾਜ਼ ਬੁਲੰਦ ਕੀਤੀ ਹੈ। ਪੱਤਰਕਾਰ ਭਾਈਚਾਰੇ ਨੇ ਕਾਮਨਾ ਕੀਤੀ ਕਿ ਭਗਵਾਨ ਸਿੰਘ ਜਲਦ ਪੂਰੀ ਤਰ੍ਹਾਂ ਤੰਦਰੁਸਤ ਹੋ ਕੇ ਮੁੜ ਆਪਣੀਆਂ ਸਮਾਜਿਕ ਅਤੇ ਪੱਤਰਕਾਰੀ ਸਰਗਰਮੀਆਂ ਵਿੱਚ ਸਰਗਰਮ ਹੋਣ।

ਯੂਰਪ ਅਤੇ ਅਮਰੀਕਾ ਦੇ ਸਿੱਖ ਆਗੂਆਂ ਵੱਲੋਂ ਕੈਨੇਡਾ 'ਚ

ਖ਼ਾਲਿਸਤਾਨੀ ਆਗੂ ਰੰਧਾਵਾ ਦੇ ਘਰ ਬਾਹਰ ਹਮਲੇ ਦੀ ਸਖ਼ਤ ਨਿਖੇਧੀ



ਲੰਡਨ, 30 ਅਕਤੂਬਰ (ਸਰਬਜੀਤ ਸਿੰਘ ਬਨੂੜ) - ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ ਦੇ ਸਰੀ ਸ਼ਹਿਰ ਵਿੱਚ ਖ਼ਾਲਿਸਤਾਨ ਸਮਰਥਕ ਆਗੂ ਅਤੇ ਡੈਲਟਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਦੇ ਘਰ ਬਾਹਰ ਉਨ੍ਹਾਂ ਦੀ ਕਾਰ ਨੂੰ ਅੱਗ ਲਾਏ ਜਾਣ ਦੀ ਘਟਨਾ ਦੀ ਯੂਰਪ ਅਤੇ ਅਮਰੀਕਾ ਵਿੱਚ ਸਰਗਰਮ ਜਲਾਵਤਨ ਪ੍ਰਮੁੱਖ ਸਿੱਖ ਆਗੂਆਂ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਸਿਆਸੀ ਪਨਾਹ 'ਤੇ ਵਿਦੇਸ਼ਾਂ ਵਿੱਚ ਰਹਿ ਰਹੇ ਸਿੱਖ ਫੈਡਰੇਸ਼ਨ ਯੂਕੇ ਦੇ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ, ਭਾਈ ਬਲਵਿੰਦਰ ਸਿੰਘ ਡੱਲੇਵਾਲ, ਜਰਮਨੀ ਤੋਂ ਭਾਈ ਗੁਰਵਿੰਦਰ ਸਿੰਘ ਨਡਾਲੋ, ਬੈਲਜੀਅਮ ਤੋਂ ਭਾਈ ਗੁਰਦਿਆਲ ਸਿੰਘ ਢਕਾਨਸੂ ਅਤੇ ਅਮਰੀਕਾ ਤੋਂ ਭਾਈ ਗੁਰਮੇਲ ਸਿੰਘ ਢੇਸੀ ਨੇ ਇੱਕ ਸਾਂਝੇ ਬਿਆਨ ਰਾਹੀਂ ਇਸ ਘਟਨਾ ਨੂੰ ਬੇਹੱਦ ਚਿੰਤਾਜਨਕ ਕਰਾਰ ਦਿੰਦਿਆਂ ਕੈਨੇਡਾ ਸਰਕਾਰ ਤੋਂ ਮਾਮਲੇ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਸਿੱਖ ਆਗੂਆਂ ਨੇ ਕਿਹਾ ਕਿ ਲੋਕਤੰਤਰੀ ਦੇਸ਼ਾਂ ਵਿੱਚ ਰਹਿ ਕੇ ਆਪਣੇ ਸਿਆਸੀ ਵਿਚਾਰਾਂ ਅਤੇ ਹੱਕਾਂ ਲਈ ਸ਼ਾਂਤਮਈ ਢੰਗ ਨਾਲ ਆਵਾਜ਼ ਉਠਾਉਣ ਵਾਲੇ ਸਿੱਖ ਕਾਰਕੁਨਾਂ ਵਿਰੁੱਧ ਅਜਿਹੀਆਂ ਹਿੰਸਕ ਘਟਨਾਵਾਂ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਨਰਿੰਦਰ ਸਿੰਘ ਰੰਧਾਵਾ ਦੇ ਘਰ ਬਾਹਰ ਵਾਪਰੀ ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਪਿੱਛੇ ਕੰਮ ਕਰ ਰਹੇ ਵਿਅਕਤੀਆਂ, ਉਨ੍ਹਾਂ ਦੇ ਮਕਸਦ ਅਤੇ ਕਿਸੇ ਸੰਭਾਵਿਤ ਸਾਜ਼ਿਸ਼ ਦੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਅਸਲ ਸੱਚਾਈ ਸਾਹਮਣੇ ਆ ਸਕੇ। ਆਗੂਆਂ ਨੇ 18 ਜੂਨ 2023 ਨੂੰ ਸਰੀ ਸਥਿਤ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਤਤਕਾਲੀ ਪ੍ਰਧਾਨ ਭਾਈ ਹਰਦੀਪ ਸਿੰਘ ਨਿੱਝਰ ਦੇ ਹੋਏ ਕਤਲ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਗੁਰਦੁਆਰਾ ਸਾਹਿਬ ਦੀ ਕਾਰ ਪਾਰਕਿੰਗ ਵਿੱਚ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ। ਇਸ ਕਤਲ ਕਾਂਡ ਤੋਂ ਬਾਅਦ ਕੈਨੇਡਾ ਦੇ ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਕੈਨੇਡੀਅਨ ਸੰਸਦ ਵਿੱਚ ਭਾਰਤੀ ਸਰਕਾਰੀ ਏਜੰਟਾਂ ਦੀ ਸੰਭਾਵਿਤ ਸ਼ਮੂਲੀਅਤ ਸਬੰਧੀ ਭਰੋਸੇਯੋਗ ਦੋਸ਼ਾਂ ਦਾ ਜ਼ਿਕਰ ਕੀਤੇ ਜਾਣ ਨਾਲ ਮਾਮਲਾ ਅੰਤਰਰਾਸ਼ਟਰੀ ਪੱਧਰ 'ਤੇ ਚਰਚਾ ਦਾ ਵਿਸ਼ਾ ਬਣ ਗਿਆ ਸੀ। ਹਾਲਾਂਕਿ ਭਾਰਤ ਸਰਕਾਰ ਇਨ੍ਹਾਂ ਦੋਸ਼ਾਂ ਨੂੰ ਰੱਦ ਕਰਦੀ ਰਹੀ ਹੈ। ਆਗੂਆਂ ਨੇ ਕਿਹਾ ਕਿ ਭਾਈ ਨਿੱਝਰ ਦੇ ਕਤਲ ਤੋਂ ਬਾਅਦ ਵਿਦੇਸ਼ਾਂ ਵਿੱਚ ਸਰਗਰਮ ਖਾਲਿਸਤਾਨੀ ਸਿੱਖ ਆਗੂਆਂ ਦੀ ਸੁਰੱਖਿਆ ਨੂੰ ਲੈ ਕੇ ਪੈਦਾ ਹੋਏ ਸਵਾਲ ਅਜੇ ਵੀ ਬਰਕਰਾਰ ਹਨ। ਅਜਿਹੇ ਹਾਲਾਤ ਵਿੱਚ ਭਾਈ ਨਰਿੰਦਰ ਸਿੰਘ ਰੰਧਾਵਾ ਦੇ ਘਰ ਬਾਹਰ ਵਾਪਰੀ ਘਟਨਾ ਨੇ ਸਿੱਖ ਭਾਈਚਾਰੇ ਦੀਆਂ ਚਿੰਤਾਵਾਂ ਹੋਰ ਵਧਾ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਕੈਨੇਡਾ ਵਰਗੇ ਲੋਕਤੰਤਰੀ ਮੁਲਕ ਵਿੱਚ ਹਰ ਨਾਗਰਿਕ ਨੂੰ ਆਪਣੇ ਸਿਆਸੀ ਵਿਚਾਰ ਰੱਖਣ ਅਤੇ ਬਿਨਾਂ ਕਿਸੇ ਡਰ ਦੇ ਸ਼ਾਂਤਮਈ ਸਰਗਰਮੀਆਂ ਕਰਨ ਦਾ ਪੂਰਾ ਅਧਿਕਾਰ ਹੈ। ਆਗੂਆਂ ਨੇ ਕੈਨੇਡਾ ਦੀ ਸੰਘੀ ਸਰਕਾਰ, ਸੁਰੱਖਿਆ ਏਜੰਸੀਆਂ ਅਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਘਟਨਾ ਦੀ ਜਾਂਚ ਸਿਰਫ਼ ਅੱਗਜ਼ਨੀ ਤੱਕ ਸੀਮਤ ਨਾ ਰੱਖੀ ਜਾਵੇ, ਸਗੋਂ ਇਸ ਦੇ ਪਿੱਛੇ ਕਿਸੇ ਸੰਭਾਵਿਤ ਸਿਆਸੀ ਮਕਸਦ ਜਾਂ ਵਿਦੇਸ਼ੀ ਦਖ਼ਲਅੰਦਾਜ਼ੀ ਦੇ ਪਹਿਲੂ ਨੂੰ ਵੀ ਜਾਂਚ ਦੇ ਘੇਰੇ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਬਿਨਾਂ ਸਬੂਤ ਕਿਸੇ ਨੂੰ ਦੋਸ਼ੀ ਠਹਿਰਾਉਣ ਦੀ ਬਜਾਏ ਨਿਰਪੱਖ ਜਾਂਚ ਰਾਹੀਂ ਜ਼ਿੰਮੇਵਾਰ ਵਿਅਕਤੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਜ਼ਿਕਰਯੋਗ ਹੈ ਕਿ ਸਰੀ ਪੁਲਸ ਵੱਲੋਂ ਇਸ ਅੱਗਜ਼ਨੀ ਦੀ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਅਨੁਸਾਰ ਹਮਲੇ ਦੇ ਮਕਸਦ ਬਾਰੇ ਅਜੇ ਕੋਈ ਨਤੀਜਾ ਸਾਹਮਣੇ ਨਹੀਂ ਆਇਆ। ਸਿੱਖ ਆਗੂਆਂ ਨੇ ਕੈਨੇਡਾ ਸਰਕਾਰ ਨੂੰ ਅਪੀਲ ਕੀਤੀ ਕਿ ਵਿਦੇਸ਼ਾਂ ਵਿੱਚ ਮਨੁੱਖੀ ਅਧਿਕਾਰਾਂ ਅਤੇ ਸਿੱਖਾਂ ਦੇ ਸਿਆਸੀ ਹੱਕਾਂ ਲਈ ਆਵਾਜ਼ ਉਠਾਉਣ ਵਾਲੇ ਕਾਰਕੁਨਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਅਜਿਹੀਆਂ ਘਟਨਾਵਾਂ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ।

ਹਰਦੀਪ ਸਿੰਘ ਨਿੱਝਰ ਕਤਲ ਕਾਂਡ ਦਾ ਹਵਾਲਾ ਦਿੰਦਿਆਂ ਵਿਦੇਸ਼ਾਂ 'ਚ ਸਿੱਖ ਕਾਰਕੁਨਾਂ ਦੀ ਸੁਰੱਖਿਆ 'ਤੇ ਪ੍ਰਗਟਾਈ ਗੰਭੀਰ ਚਿੰਤਾ

ਪੱਤਰਕਾਰਾਂ ਨੇ ਦਿਖਾਈ ਭਾਈਚਾਰਕ ਸਾਂਝ

ਭਗਵਾਨ ਸਿੰਘ ਖੁਜਾਲਾ ਦੀ ਸਿਹਤ ਦਾ ਹਾਲ ਜਾਣਿਆ



ਚੌਂਕ ਮਹਿਤਾ, 30 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬੀ ਅਖ਼ਬਾਰ ਦੇ ਪੱਤਰਕਾਰ ਭਗਵਾਨ ਸਿੰਘ ਖੁਜਾਲਾ ਦੇ ਪੇਟ ਦੀ ਸਰਜਰੀ ਤੋਂ ਬਾਅਦ ਹਸਪਤਾਲ ਤੋਂ ਛੁੱਟੀ ਮਿਲਣ ਉਪਰੰਤ ਆਪਣੇ ਗ੍ਰਹਿ ਵਿਖੇ ਪਹੁੰਚ ਚੁੱਕੇ ਹਨ। ਉਨ੍ਹਾਂ ਦੀ ਸਿਹਤਯਾਬੀ ਚੌਂਕ ਮਹਿਤਾ ਤੋਂ ਸੀਨੀਅਰ ਪੱਤਰਕਾਰ ਕੈਪਟਨ ਸਿੰਘ ਮਹਿਤਾ, ਧਰਮਿੰਦਰ ਸਿੰਘ ਭੰਮਰਾ, ਤਰਸੇਮ ਸਿੰਘ ਬਾਠ (ਸਾਧਪੁਰ), ਵਰਿੰਦਰ ਬਾਊ, ਰਾਜਦੀਪ ਸਿੰਘ ਰਾਜੂ ਅਤੇ ਬਾਬਾ ਸੁਖਵੰਤ ਸਿੰਘ ਚੰਨਣਕੇ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ। ਉਕਤ ਪੱਤਰਕਾਰਾਂ ਨੇ ਭਗਵਾਨ ਸਿੰਘ ਖੁਜਾਲਾ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੀ ਸਿਹਤ ਸਬੰਧੀ ਜਾਣਕਾਰੀ ਹਾਸਲ ਕੀਤੀ ਅਤੇ ਆਖਿਆ ਕਿ ਸਿਹਤ ਸਭ ਤੋਂ ਵੱਡੀ ਦੌਲਤ ਹੈ। ਇਸ ਮੌਕੇ ਸਮੂਹ ਪੱਤਰਕਾਰਾਂ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਭਗਵਾਨ ਸਿੰਘ ਖੁਜਾਲਾ ਨੂੰ ਜਲਦ ਪੂਰੀ ਤਰ੍ਹਾਂ ਤੰਦਰੁਸਤੀ ਬਖ਼ਸ਼ਣ ਅਤੇ ਉਨ੍ਹਾਂ ਨੂੰ ਚੰਗੀ ਸਿਹਤ ਨਾਲ ਨਿਵਾਜਣ। ਉਨ੍ਹਾਂ ਕਿਹਾ ਕਿ ਭਗਵਾਨ ਸਿੰਘ ਇੱਕ ਮਿਹਨਤੀ ਅਤੇ ਸਮਰਪਿਤ ਪੱਤਰਕਾਰ ਹਨ, ਜਿਨ੍ਹਾਂ ਨੇ ਹਮੇਸ਼ਾ ਆਪਣੀ ਕਲਮ ਰਾਹੀਂ ਸਮਾਜ ਦੀ ਆਵਾਜ਼ ਬੁਲੰਦ ਕੀਤੀ ਹੈ। ਪੱਤਰਕਾਰ ਭਾਈਚਾਰੇ ਨੇ ਕਾਮਨਾ ਕੀਤੀ ਕਿ ਭਗਵਾਨ ਸਿੰਘ ਜਲਦ ਪੂਰੀ ਤਰ੍ਹਾਂ ਤੰਦਰੁਸਤ ਹੋ ਕੇ ਮੁੜ ਆਪਣੀਆਂ ਸਮਾਜਿਕ ਅਤੇ ਪੱਤਰਕਾਰੀ ਸਰਗਰਮੀਆਂ ਵਿੱਚ ਸਰਗਰਮ ਹੋਣ।

ਸਹਿਕਾਰੀ ਬੈਂਕਾਂ ਦੀਆਂ ਸਖ਼ਤ ਸ਼ਰਤਾਂ ਵਿਰੁੱਧ ਅਕਾਲੀ ਦਲ ਪੁਨਰ ਸੁਰਜੀਤ ਕਰੇਗਾ ਸੰਘਰਸ਼—ਜਸਬੀਰ ਸਿੰਘ ਭੁੱਲਰ



ਫ਼ਿਰੋਜ਼ਪੁਰ, 30 ਅਕਤੂਬਰ (ਮਨੋਹਰ ਲਾਲ) :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂਆਂ ਨੇ ਸਹਿਕਾਰੀ ਬੈਂਕਾਂ ਵੱਲੋਂ ਕਿਸਾਨਾਂ ਨੂੰ ਕਰਜ਼ਾ ਦੇਣ ਲਈ ਲਾਗੂ ਕੀਤੀਆਂ ਜਾ ਰਹੀਆਂ ਸਖ਼ਤ ਸ਼ਰਤਾਂ ਅਤੇ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਨੀਤੀ ਵਿਰੁੱਧ ਤਿੱਖਾ ਸੰਘਰਸ਼ ਵਿੱਢਣ ਦਾ ਐਲਾਨ ਕੀਤਾ ਹੈ। ਇਸ ਸਬੰਧੀ ਪਾਰਟੀ ਦੇ ਕੋਆਡੀਨੇਟਰ ਜ਼ਿਲ੍ਹਾ ਫਿਰੋਜ਼ਪੁਰ ਜਸਬੀਰ ਸਿੰਘ ਭੁੱਲਰ, ਜ਼ਿਲ੍ਹਾ ਪ੍ਰਧਾਨ ਡਾਕਟਰ ਮੁਖਤਿਆਰ ਸਿੰਘ, ਸੀਨੀਅਰ ਆਗੂ ਕਰਨੈਲ ਸਿੰਘ ਭਾਵੜਾ, ਮੈਂਬਰ ਪੰਥਕ ਕੌਂਸਲ ਜਸਪਾਲ ਸਿੰਘ, ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਬਲਜਿੰਦਰ ਸਿੰਘ, ਮੈਂਬਰ ਸੁਰਜੀਤ ਸਿੰਘ ਭੁੱਲਰ ਅਤੇ ਬਲਵਿੰਦਰ ਸਿੰਘ ਸੂਬਾ ਕਦੀਮ ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਸਖ਼ਤ ਚਿੰਤਾ ਪ੍ਰਗਟ ਕੀਤੀ। ਆਗੂਆਂ ਨੇ ਦੋਸ਼ ਲਾਇਆ ਕਿ ਸਹਿਕਾਰੀ ਬੈਂਕਾਂ ਵਿੱਚ ਨਵੇਂ ਖਾਤੇ ਖੋਲ੍ਹਣ ਅਤੇ ਕਰਜ਼ੇ ਦੇਣ ਦੀ ਪ੍ਰਕਿਰਿਆ ਨੂੰ ਨਵੀਆਂ ਤੇ ਔਖੀਆਂ ਸ਼ਰਤਾਂ ਨਾਲ ਗੁੰਝਲਦਾਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਹਿਕਾਰੀ ਬੈਂਕਾਂ ਅਤੇ ਸੁਸਾਇਟੀਆਂ ਦੀ ਸਥਾਪਨਾ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਆਸਾਨ ਸ਼ਰਤਾਂ ਤੇ ਵਿੱਤੀ ਸਹਾਇਤਾ ਅਤੇ ਸਹੂਲਤਾਂ ਮੁਹੱਈਆ ਕਰਵਾਉਣਾ ਸੀ, ਪਰ ਮੌਜੂਦਾ ਨੀਤੀਆਂ ਕਿਸਾਨਾਂ ਤੇ ਵਾਧੂ ਬੋਝ ਪਾ ਰਹੀਆਂ ਹਨ। ਆਗੂਆਂ ਨੇ ਸਵਾਲ ਉਠਾਇਆ ਕਿ ਫ਼ਸਲ ਖ਼ਰਾਬ ਹੋਣ ਜਾਂ ਕੁਦਰਤੀ ਆਫ਼ਤ ਕਾਰਨ ਆਰਥਿਕ ਸੰਕਟ ਵਿੱਚ ਫਸੇ ਕਿਸਾਨਾਂ ਦੀਆਂ ਜ਼ਮੀਨਾਂ ਕੁਰਕ ਕਰਨ ਅਤੇ ਵਾਰੰਟ ਜਾਰੀ ਕਰਨ ਵਰਗੀਆਂ ਕਾਰਵਾਈਆਂ ਕਿਉਂ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਕਿਸਾਨਾਂ ਦੀਆਂ ਆਰਥਿਕ ਮਜ਼ਬੂਰੀਆਂ ਨੂੰ ਸਮਝਦਿਆਂ ਕਰਜ਼ਾ ਵਸੂਲੀ ਦੇ ਮਾਮਲਿਆਂ ਵਿੱਚ ਹਮਦਰਦੀ ਅਤੇ ਨਿਆਂਪੂਰਨ ਪਹੁੰਚ ਅਪਣਾਏ, ਕਰਜ਼ੇ ਦੀ ਪ੍ਰਕਿਰਿਆ ਨੂੰ ਸੁਖਾਲਾ ਬਣਾਏ ਅਤੇ ਕੁਰਕੀਆਂ ਦੀ ਕਾਰਵਾਈ ਤੇ ਤੁਰੰਤ ਰੋਕ ਲਾਈ ਜਾਵੇ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਅਤੇ ਸਹਿਕਾਰੀ ਵਿਭਾਗ ਨੇ ਕਿਸਾਨਾਂ ਲਈ ਮੁਸ਼ਕਲਾਂ ਪੈਦਾ ਕਰਨ ਵਾਲੀਆਂ ਸ਼ਰਤਾਂ ਵਾਪਸ ਨਾ ਲਈਆਂ ਤਾਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਕਿਸਾਨਾਂ ਦੇ ਹੱਕ ਵਿੱਚ ਜ਼ਿਲ੍ਹਾ ਪੱਧਰ ਅਤੇ ਹੋਰ ਪ੍ਰਮੁੱਖ ਸਥਾਨਾਂ ਤੇ ਜ਼ੋਰਦਾਰ ਰੋਸ ਪ੍ਰਦਰਸ਼ਨ ਕਰੇਗਾ।

ਨਸ਼ਿਆਂ ਵਿਰੁੱਧ ਜਨ ਜਾਗਰੂਕਤਾ ਮੁਹਿੰਮ ਨੂੰ ਲੋਕ ਲਹਿਰ ਬਣਾਉਣ ਦੀ ਲੋੜ : ਪ੍ਰੋਫੈਸਰ ਓਂਕਾਰ ਸਿੰਘ ਸਿੱਧੂ



ਧੂਰੀ (ਰਣਜੀਤ ਸਿੰਘ ਪੇਧਨੀ)- ਨਸ਼ਿਆਂ ਦੀ ਸਮੱਸਿਆ ਕਰ ਨੂੰ ਖ਼ਤਮ ਕਰਨ ਲਈ ਸਮਾਜ ਦੇ ਹਰ ਵਰਗ ਵਾਲ ਨੂੰ ਇਕਜੁੱਟ ਹੋ ਕੇ ਸਾਂਝੇ ਯਤਨ ਕਰਨ ਦੀ ਆਂ ਲੋੜ ਹੈ। ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਉਂ, ਬਚਾਉਣਾ ਅਤੇ ਉਨ੍ਹਾਂ ਨੂੰ ਸਿੱਖਿਆ, ਖੇਡਾਂ ਅਤੇ ਸਮਾਜਿਕ ਗਤੀਵਿਧੀਆਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਧੂਰੀ ਤੋਂ ਬੀਜੇਪੀ ਦੇ ਪ੍ਰਮੁੱਖ ਉਮੀਦਵਾਰ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕੀਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਜਨ ਜਾਗਰੂਕਤਾ ਮੁਹਿੰਮ ਨੂੰ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚਾਉਣਾ ਚਾਹੀਦਾ ਹੈ, ਤਾਂ ਜੋ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਸਕੇ। ਇਸ ਮੁਹਿੰਮ ਵਿੱਚ ਮਾਪਿਆਂ, ਅਧਿਆਪਕਾਂ, ਸਮਾਜਿਕ ਸੰਸਥਾਵਾਂ, ਧਾਰਮਿਕ ਆਗੂਆਂ ਅਤੇ ਨੌਜਵਾਨਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਲਈ ਸਿਰਫ਼ ਕਾਨੂੰਨੀ ਕਾਰਵਾਈ ਹੀ ਨਹੀਂ, ਸਗੋਂ ਲੋਕਾਂ ਵਿੱਚ ਜਾਗਰੂਕਤਾ, ਪਰਿਵਾਰਕ ਸਹਿਯੋਗ ਅਤੇ ਨਸ਼ੇ ਦੀ ਲਤ ਨਾਲ ਜੂਝ ਰਹੇ ਵਿਅਕਤੀਆਂ ਲਈ ਢੁਕਵੇਂ ਇਲਾਜ ਤੇ ਮੁੜ ਵਸੇਬੇ ਦੀਆਂ ਸਹੂਲਤਾਂ ਵੀ ਜ਼ਰੂਰੀ ਹਨ। ਨੌਜਵਾਨਾਂ ਨੂੰ , ਰੁਜ਼ਗਾਰ ਅਤੇ ਉਸਾਰੂ ਗਤੀਵਿਧੀਆਂ ਦੇ ਮੌਕੇ ਦੇ ਕੇ ਸਮਾਜ ਦੀ ਮੁੱਖ ਧਾਰਾ ਨਾਲ ਜੋੜਿਆ ਜਾਣਾ ਚਾਹੀਦਾ ਹੈ। ਉਨ੍ਹਾਂ ਧੂਰੀ ਵਿਧਾਨ ਸਭਾ ਹਲਕੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਵਿੱਚ ਆਪਣਾ ਯੋਗਦਾਨ ਪਾਉਣ। ਇਸ ਮੌਕੇ ਮੰਡਲ ਪ੍ਰਧਾਨ ਆਸ਼ੀਸ਼ ਗਰਗ, ਪ੍ਰਦੀਪ ਗਰਗ ਜਗਦੇਵ ਜਿੰਦਲ ਜੱਗਾ, ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ,ਪਰਮਜੀਤ ਸਿੰਘ ਭਿੰਦੀ, ਨਰਪਿੰਦਰ ਸਿੰਘ ਗੋਰਾ ਹਾਜਰ ਸਨ।

ਰਾਹੁਲ ਗਾਂਧੀ ਦੀ ਸੰਗਰੂਰ ਰੈਲੀ 2027 ਚ ਕਾਂਗਰਸ ਦੀ ਬਣਨ ਵਾਲੀ ਸਰਕਾਰ ਦਾ ਮੁੱਢ ਬੰਨ੍ਹੇਗੀ : ਕਮਲਜੀਤ ਸਿੰਘ ਚੱਕ



ਮਹਿਲ ਕਲਾਂ (ਰਣਜੀਤ ਸਿੰਘ ਪੇਧਨੀ) ਆਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਰਾਹੁਲ ਗਾਂਧੀ ਵੱਲੋਂ 4 ਨਵੰਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਵੱਡਾ ਬਦਲਾਅ ਲਿਆਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਹਲਕਾ ਮਹਿਲ ਕਲਾਂ ਤੋਂ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਕਮਲਜੀਤ ਸਿੰਘ ਚੱਕ ਨੇ ਕੀਤਾ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਹਮੇਸ਼ਾ ਤੋਂ ਹੀ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਅਤੇ ਐੱਸ.ਸੀ. ਵਰਗ ਦੇ ਹੱਕਾਂ ਦੀ ਆਵਾਜ਼ ਨੂੰ ਪੂਰੀ ਤਾਕਤ ਨਾਲ ਬੁਲੰਦ ਕਰਦੇ ਆਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਕਾਂਗਰਸੀ ਵਰਕਰਾਂ ਅਤੇ ਖ਼ਾਸ ਕਰਕੇ ਐੱਸ.ਸੀ. ਵਰਗ ਦੇ ਲੋਕਾਂ ਵਿੱਚ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਅਹਿਮ ਰੈਲੀ ਨੂੰ ਲੈ ਕੇ ਪੰਜਾਬ ਭਰ ਦੇ ਕਾਂਗਰਸੀ ਵਰਕਰਾਂ, ਖ਼ਾਸ ਕਰਕੇ ਦਲਿਤ ਅਤੇ ਪਛੜੇ ਭਾਈਚਾਰੇ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਹਮੇਸ਼ਾ ਤੋਂ ਹੀ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਅਤੇ ਐੱਸ.ਸੀ. ਵਰਗ ਦੇ ਹੱਕਾਂ ਦੀ ਆਵਾਜ਼ ਨੂੰ ਬੁਲੰਦ ਕਰਦੇ ਆਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ ਅਤੇ ਪੰਜਾਬ ਵਿੱਚ ਮੁੜ ਕਾਂਗਰਸ ਦੀ ਸਰਕਾਰ ਬਣਾਉਣ ਲਈ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮਾਤਾ ਬਲਦੇਵ ਕੌਰ ਜੀ ਦੀ ਅੰਤਿਮ ਅਰਦਾਸ ਵਿੱਚ

ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸ਼ਰਧਾਂਜਲੀ ਭੇਂਟ ਕਰਦਿਆ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ











ਸਰਦਾਰ ਸ਼ਿੰਦਰਪਾਲ ਸਿੰਘ ਬਰਾੜ ਫਾਰਮਰ ਡਬਲ ਏਜੀ ਪੰਜਾਬ ਦੇ ਧਰਮ ਸੁਪਤਨੀ ਬੀਬੀ ਜਸਵੀਰ ਕੌਰ,ਸਵਰਗੀ ਸਰਦਾਰ ਰਣਵੀਰ ਸਿੰਘ ਢਿੱਲੋ,ਸਰਦਾਰ ਰਘਵੀਰ ਸਿੰਘ ਢਿੱਲੋ,ਸਰਦਾਰ ਜਗਬੀਰ ਸਿੰਘ ਢਿੱਲੋ ਪਿੰਡ ਸਿੰਘੇਵਾਲਾ ਮੁਕਤਸਰ ਸਾਹਿਬ ਦੇ ਸਤਿਕਾਰਯੋਗ ਮਾਤਾ ਬਲਦੇਵ ਕੌਰ ਜੀ ਧਰਮ ਸੁਪਤਨੀ ਸਵਰਗੀ ਸਰਦਾਰ ਚੰਦ ਸਿੰਘ ਸਰਪੰਚ ਸਾਹਿਬ ਦੀ ਅੱਜ 30 ਅਕਤੂਬਰ 2026 ਨੂੰ ਗੁਰਦੁਆਰਾ ਸਾਹਿਬ ਵਿਖੇ ਅੰਤਿਮ ਅਰਦਾਸ ਵਿੱਚ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਵੈਰਾਗਮਈ ਕੀਰਤਨ ਕੀਤਾ,ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਸ਼ਰਧਾਂਜਲੀ ਭੇਂਟ ਕਰਦਿਆ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਇਸ ਸਮੇਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਰਿਸ਼ਤੇਦਾਰ ਪ੍ਰੀਵਾਰ ਸਮਾਜ ਦੇ ਵੱਖ ਵੱਖ ਖੇਤਰਾਂ ਤੋਂ ਆਗੂ ਸਾਹਿਬਾਨ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)





ਮਹਾਨ ਗੁਰਮਤਿ ਸਮਾਗਮ

☛ ਅਵਤਾਰ ਪੁਰਬ : ਧੰਨ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।
☛ ਸ਼ਹੀਦੀ ਦਿਹਾੜਾ : ਕੌਮੀ ਯੋਧੇ ਸ਼ਹੀਦ ਭਾਈ ਬੇਅੰਤ ਸਿੰਘ ਜੀ। ☛ ਹਿੰਦ ਸਰਕਾਰ ਨੇ ਸਿੱਖਾਂ ਦਾ ਕਤਲੇਆਮ ਦਿੱਲੀ 1984 ਕੀਤਾ ☛ ਸ਼ਹੀਦੀ ਸਾਕਾ : ਸਾਕਾ ਪੰਜਾ ਸਾਹਿਬ ਜੀ।



ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਰਸਿੱਖ ਪ੍ਰੀਵਾਰ ਭਾਈ ਜੋਗਿੰਦਰ ਸਿੰਘ ਗੁਰਲਾਗੋ ਵੱਲੋਂ ਲਈ ਗਈ ਹੈ।

☛ 30 ਅਕਤੂਬਰ ਸ਼ੁੱਕਰਵਾਰ 11:00 ਵਜੇ ਸ਼੍ਰੀ ਅਖੰਡ ਪਾਠਾਂ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ ਐਤਵਾਰ 11:00 ਭੋਗ ਪੈਣਗੇ।
☛ ਸਨਿੱਚਰਵਾਰ 31 ਅਕਤੂਬਰ ਸਾਂਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਹਰ ਐਤਵਾਰ 1 ਨਵੰਬਰ 2026 ਨੂੰ 6:30 ਵਜੇ ਸਵੇਰੇ ਚੌਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:00 ਤੋਂ 12:40 ਮਿੰਟ ਤੱਕ ਦੀਵਾਨ ਸੱਜਣਗੇ।

ਢਾਡੀ ਜਥਾ ਗਿਆਨੀ ਹਰਪ੍ਰੀਤ ਸਿੰਘ ਇਟਲੀ ਵਾਲੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap 26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

30ਵਾਂ

ਸਲਾਨਾ ਗੁਰਮਤਿ ਸਮਾਗਮ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਬਰਾਂ ਦੇ ਹਾਈ ਕੋਰਟ)



ਸੰਤ ਬਾਬਾ ਸਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।



ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

ਭਾਈ ਬੇਅੰਤ ਸਿੰਘ ਦੀ 42ਵੀਂ ਬਰਸੀ ਮੌਕੇ

ਬੱਬਰ ਖਾਲਸਾ ਜਰਮਨੀ ਦੇ ਆਗੂਆਂ ਵੱਲੋਂ ਸ਼ਰਧਾਂਜਲੀ



ਫਰੈਂਕਫਰਟ (ਜਰਮਨੀ), 30 ਅਕਤੂਬਰ (ਸਰਬਜੀਤ ਸਿੰਘ ਬਨੂੜ)- ਭਾਰਤ ਦੀ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ 31 ਅਕਤੂਬਰ 1984 ਨੂੰ ਹੋਈ ਹੱਤਿਆ ਦੇ 42 ਸਾਲ ਪੂਰੇ ਹੋਣ ਮੌਕੇ ਬੱਬਰ ਖਾਲਸਾ ਜਰਮਨੀ ਨਾਲ ਸਬੰਧਤ ਆਗੂਆਂ ਨੇ ਭਾਈ ਬੇਅੰਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਭਾਈ ਸਤਵੰਤ ਸਿੰਘ ਅਤੇ ਭਾਈ ਕੇਹਰ ਸਿੰਘ ਨੂੰ ਵੀ ਯਾਦ ਕੀਤਾ ਹੈ।

ਆਗੂਆਂ ਨੇ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਹੋਈ ਫ਼ੌਜੀ ਕਾਰਵਾਈ ਤੋਂ ਬਾਅਦ ਵਾਪਰੀਆਂ ਘਟਨਾਵਾਂ ਨੇ ਸਿੱਖ ਇਤਿਹਾਸ ਅਤੇ ਕੌਮ ਦੀ ਸਮੂਹਿਕ ਚੇਤਨਾ ਉੱਤੇ ਡੂੰਘਾ ਅਸਰ ਛੱਡਿਆ ਸੀ।

ਜਥੇਬੰਦੀ ਦੇ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਦਲਜੀਤ ਸਿੰਘ ਕਸ਼ਮੀਰ, ਭਾਈ ਪਰਗਟ ਸਿੰਘ ਬੱਬਰ ਅਤੇ ਭਾਈ ਬਲਜਿੰਦਰ ਸਿੰਘ ਬੱਬਰ ਸਮੇਤ ਹੋਰਨਾਂ ਆਗੂਆਂ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਜੂਨ 1984 ਦੀ ਫ਼ੌਜੀ ਕਾਰਵਾਈ ਅਤੇ ਉਸ ਤੋਂ ਬਾਅਦ ਵਾਪਰ ਘਟਨਾਕ੍ਰਮ ਨੂੰ ਸਿੱਖ ਕੌਮ ਕਦੇ ਭੁਲਾ ਨਹੀਂ ਸਕਦੀ।

ਬੰਦੀ ਸਿੰਘਾਂ ਦੀ ਰਿਹਾਈ, ਪੰਜਾਬ ਵਿੱਚ ਨਸ਼ਿਆਂ ਅਤੇ ਸਿੱਖ ਨੌਜਵਾਨਾਂ ਦੀ ਸੁਰੱਖਿਆ ਦੇ ਮੁੱਦਿਆਂ 'ਤੇ ਉਠਾਏ ਸਵਾਲ, ਖ਼ਾਲਿਸਤਾਨ ਦੀ ਮੰਗ ਦੁਹਰਾਈ

ਬੱਬਰ ਖਾਲਸਾ ਜਰਮਨੀ ਦੇ ਆਗੂਆਂ ਨੇ ਪੰਜਾਬ ਦੇ ਮੌਜੂਦਾ ਹਾਲਾਤ ਉੱਤੇ ਚਿੰਤਾ ਪ੍ਰਗਟ ਕਰਦਿਆਂ ਦੋਸ਼ ਲਾਇਆ ਕਿ ਸਿੱਖ ਹੱਕਾਂ ਲਈ ਆਵਾਜ਼ ਉਠਾਉਣ ਵਾਲੇ ਨੌਜਵਾਨਾਂ ਨੂੰ ਵੱਖ-ਵੱਖ ਢੰਗਾਂ ਨਾਲ ਦਬਾਅ ਅਤੇ ਤਸ਼ੱਦਦ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਪੰਜਾਬ ਵਿੱਚ ਨਸ਼ਿਆਂ ਦੇ ਵਧ ਰਹੇ ਪ੍ਰਭਾਵ, ਨੌਜਵਾਨਾਂ ਦੀਆਂ ਮੌਤਾਂ ਅਤੇ ਨਸ਼ਾ ਵਿਰੋਧੀ ਮੁਹਿੰਮਾਂ ਨਾਲ ਜੁੜੇ ਕਾਰਕੁਨਾਂ ਦੀ ਸੁਰੱਖਿਆ ਨੂੰ ਗੰਭੀਰ ਮੁੱਦੇ ਦੱਸਿਆ।

ਆਗੂਆਂ ਨੇ ਮਾਨਸਾ ਵਿੱਚ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਸਮਾਜਿਕ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ 13 ਅਕਤੂਬਰ ਨੂੰ ਗੋਲੀਆਂ ਮਾਰ ਕੇ ਕੀਤੀ ਗਈ ਹੱਤਿਆ ਦਾ ਵਿਸ਼ੇਸ਼ ਜ਼ਿਕਰ ਕਰਦਿਆਂ ਕਿਹਾ ਕਿ ਅਜਿਹੀਆਂ ਘਟਨਾਵਾਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਉਨ੍ਹਾਂ ਲੱਖਾ ਸਿਧਾਣਾ ਅਤੇ ਭਾਨਾ ਸਿੱਧੂ ਵਰਗੇ ਨੌਜਵਾਨਾਂ ਨਾਲ ਕਥਿਤ ਧੱਕੇਸ਼ਾਹੀ ਦਾ ਮੁੱਦਾ ਵੀ ਉਠਾਇਆ।

ਬਿਆਨ ਵਿੱਚ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਉਠਾਉਂਦਿਆਂ ਆਗੂਆਂ ਨੇ ਕਿਹਾ ਕਿ ਲੰਮੇ ਸਮੇਂ ਤੋਂ ਚੱਲ ਰਹੇ ਮੋਰਚਿਆਂ ਦੇ ਬਾਵਜੂਦ ਇਸ ਮਸਲੇ ਦਾ ਕੋਈ ਸਥਾਈ ਹੱਲ ਸਾਹਮਣੇ ਨਹੀਂ ਆਇਆ। ਉਨ੍ਹਾਂ ਖਡੂਰ ਸਾਹਿਬ ਤੋਂ ਚੁਣੇ ਗਏ ਲੋਕ ਸਭਾ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੀ ਜੇਲ੍ਹ ਵਿੱਚ ਨਜ਼ਰਬੰਦੀ ਅਤੇ ਨਿਆਂਇਕ ਹਿਰਾਸਤ ਦੇ ਮਾਮਲੇ ਦਾ ਵੀ ਜ਼ਿਕਰ ਕਰਦਿਆਂ ਸਿੱਖ ਸਿਆਸੀ ਅਤੇ ਕੈਦੀ ਅਧਿਕਾਰਾਂ ਬਾਰੇ ਸਵਾਲ ਉਠਾਏ।

ਆਗੂਆਂ ਨੇ ਦਾਅਵਾ ਕੀਤਾ ਕਿ 1947 ਤੋਂ ਬਾਅਦ ਸਿੱਖਾਂ ਨਾਲ ਵਾਪਰੇ ਵੱਖ-ਵੱਖ ਸਿਆਸੀ ਅਤੇ ਇਤਿਹਾਸਕ ਘਟਨਾਕ੍ਰਮ ਨੇ ਭਾਰਤੀ ਰਾਜ ਪ੍ਰਬੰਧ ਪ੍ਰਤੀ ਉਨ੍ਹਾਂ ਵਿੱਚ ਬੇਭਰੋਸਗੀ ਪੈਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਵੱਖਰੀ ਪਛਾਣ, ਧਾਰਮਿਕ ਆਜ਼ਾਦੀ ਅਤੇ ਸਿਆਸੀ ਭਵਿੱਖ ਦੀ ਸੁਰੱਖਿਆ ਲਈ ਖ਼ਾਲਿਸਤਾਨ ਦੀ ਸਥਾਪਨਾ ਹੀ ਹੱਲ ਹੈ।

ਆਗੂਆਂ ਨੇ ਸਿੱਖ ਕੌਮ ਨੂੰ ਆਪਣੇ ਇਤਿਹਾਸ, ਧਾਰਮਿਕ ਵਿਰਸੇ, ਮਨੁੱਖੀ ਅਧਿਕਾਰਾਂ ਅਤੇ ਸਿਆਸੀ ਮੰਗਾਂ ਪ੍ਰਤੀ ਜਾਗਰੂਕ ਰਹਿਣ ਦਾ ਸੱਦਾ ਦਿੱਤਾ।

ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ

ਬੱਚਿਆਂ ਦੀਆਂ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ







ਬਰਨਾਲਾ (ਵਰਿਆਮ ਹਠੂਰ)- ਨਾਮਵਾਰ ਵਿੱਦਿਅਕ ਸੰਸਥਾ ਐੱਸ ਜੀ ਐੱਨ ਇੰਟਰਨੈਸ਼ਨਲ ਸਕੂਲ ਦੀਵਾਨਾ (ਬਰਨਾਲਾ) ਵਿਖੇ ਵਿਦਿਆਰਥੀਆਂ ਦੀ ਸਿਹਤ ਅਤੇ ਅੱਖਾਂ ਦੀ ਸੰਭਾਲ ਨੂੰ ਮੁੱਖ ਰੱਖਦਿਆਂ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਪੰਜਾਬ ਆਈ ਕੇਅਰ ਹਸਪਤਾਲ ਬਰਨਾਲਾ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਸਕੂਲ ਦੇ ਬੱਚਿਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਅੱਖਾਂ ਦੀ ਸਹੀ ਦੇਖਭਾਲ ਸਬੰਧੀ ਜ਼ਰੂਰੀ ਜਾਣਕਾਰੀ ਦਿੱਤੀ ਗਈ। ਡਾਕਟਰਾਂ ਨੇ ਬੱਚਿਆਂ ਨੂੰ ਅੱਖਾਂ ਦੀ ਸਫ਼ਾਈ ਰੱਖਣ, ਮੋਬਾਈਲ ਅਤੇ ਟੀਵੀ ਦੀ ਘੱਟ ਵਰਤੋਂ ਕਰਨ ਅਤੇ ਅੱਖਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਹੋਣ 'ਤੇ ਤੁਰੰਤ ਮਾਹਿਰ ਡਾਕਟਰ ਦੀ ਸਲਾਹ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ, ਕੁਲਜੀਤ ਸਿੰਘ ਦੀਵਾਨਾ, ਅਤੇ ਸਕੂਲ ਮੈਨਜਮੈਂਟ ਤੋਂ ਸਵਰਨ ਸਿੰਘ ਦੀਵਾਨਾ ਨੇ ਕਿਹਾ ਕਿ ਬੱਚਿਆਂ ਦੀ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੀ ਸਿਹਤ ਦਾ ਧਿਆਨ ਰੱਖਣਾ ਵੀ ਸਕੂਲ ਦੀ ਮੁੱਖ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਭਵਿੱਖ ਵਿੱਚ ਵੀ ਅਜਿਹੇ ਸਿਹਤ ਜਾਂਚ ਕੈਂਪ ਲਗਾਏ ਜਾਂਦੇ ਰਹਿਣਗੇ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਅਤੇ ਬੱਚੇ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਗਵੰਤ ਮਾਨ ਚੋਣ ਵਾਅਦੇ ਪੂਰੇ ਕਰ ਰਚਿਆ ਇਤਿਹਾਸ-ਹਰਜਿੰਦਰ ਸਿੰਘ ਕਾਂਝਲਾ



ਧੂਰੀ (ਰਣਜੀਤ ਸਿੰਘ ਪੇਧਨੀ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣਾਂ ਸਮੇਂ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਦਿਆਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਕੀਤਾ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਘਰੇਲੂ ਖਪਤਕਾਰਾਂ ਨੂੰ ਮੁਫ਼ਤ ਬਿਜਲੀ ਦੀ ਸਹੂਲਤ ਦੇ ਕੇ ਆਮ ਲੋਕਾਂ ਦੇ ਆਰਥਿਕ ਬੋਝ ਨੂੰ ਕਾਫ਼ੀ ਹੱਦ ਤੱਕ ਘਟਾਇਆ ਗਿਆ ਹੈ। ਇਸ ਤੋਂ ਇਲਾਵਾ ਸਿਹਤ ਬੀਮਾ ਯੋਜਨਾ, ਮਾਵਾਂ-ਧੀਆਂ ਦੀ ਸਮਾਜਿਕ ਤੇ ਆਰਥਿਕ ਭਲਾਈ ਲਈ ਚਲਾਈਆਂ ਜਾ ਰਹੀਆਂ ਵਿਸ਼ੇਸ਼ ਸਕੀਮਾਂ ਅਤੇ ਹੋਰ ਲੋਕ-ਹਿੱਤੂ ਨੀਤੀਆਂ ਰਾਹੀਂ ਸਮਾਜ ਦੇ ਹਰ ਤਬਕੇ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰ ਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਰੰਭੇ ਗਏ ਇਨ੍ਹਾਂ ਵਿਕਾਸ ਕਾਰਜਾਂ ਅਤੇ 'ਕਲਿਆਣਕਾਰੀ ਯੋਜਨਾਵਾਂ -ਨਾਲ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਲੋਕਾਂ ਦਾ ਜੀਵਨ ਪੱਧਰ ਹੋਰ ਸੁਖਾਲਾ ਅਤੇ ਖੁਸ਼ਹਾਲ ਹੋਵੇਗਾ। ਇਸ ਮੌਕੇ ਰਣਯੋਧ ਸਿੰਘ ਕਾਂਝਲਾ ਚੇਅਰਮੈਨ ਬਲਾਕ ਸੰਮਤੀ ਧੂਰੀ , ਨਰੈਸ ਸਿੰਗਲਾ ਹਾਜਰ ਸਨ।

ਹਲਕਾ ਜੰਡਿਆਲਾ ਗੁਰੂ ਵਿੱਚ ਸਿਆਸੀ ਉਲਟਫੇਰ ਦੀਆਂ ਚਰਚਾਵਾਂ ਨੇ ਫੜਿਆ ਜੋਰ 'ਅਕਾਲੀ ਦਲ ਵਾਰਿਸ ਪੰਜਾਬ ਦੇ' 'ਚ ਧੜੇਬੰਦੀ ਕਾਰਨ ਸਥਿਤੀ ਡਾਵਾਂਡੋਲ, 'ਆਪ' ਦੀ ਦਾਅਵੇਦਾਰੀ ਦੇ ਰਹੀ ਦਿਖਾਈ

ਜੰਡਿਆਲਾ ਗੁਰੂ 30 ;ਅਕਤੂਬਰ (ਕੁਲਵੰਤ ਸਿੰਘ ਵਿਰਦੀ)-ਹਲਕਾ ਜੰਡਿਆਲਾ ਗੁਰੂ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਿਆਸੀ ਸਮੀਕਰਨ ਤੇਜ਼ੀ ਨਾਲ ਬਦਲਦੇ ਨਜ਼ਰ ਆ ਰਹੇ ਹਨ। ਜਿਸ ਤਰ੍ਹਾਂ ਸਾਲ 2022 ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ (ਆਪ) ਨੇ ਪੂਰੇ ਪੰਜਾਬ ਸਮੇਤ ਇਸ ਹਲਕੇ ਵਿੱਚ ਹੂੰਝਾਫੇਰ ਜਿੱਤ ਦਰਜ ਕਰਕੇ ਪੂਰਨ ਬਹੁਮਤ ਵਾਲੀ ਸਰਕਾਰ ਬਣਾਈ ਸੀ, ਕੁਝ ਸਮਾਂ ਪਹਿਲਾਂ ਤੱਕ ਹਲਕੇ ਵਿੱਚ 'ਅਕਾਲੀ ਦਲ ਵਾਰਿਸ ਪੰਜਾਬ ਦੇ' ਜਥੇਬੰਦੀ ਦੀ ਸਥਿਤੀ ਵੀ ਠੀਕ ਉਸੇ ਤਰ੍ਹਾਂ ਦੀ ਮਜ਼ਬੂਤ ਦਿਖਾਈ ਦੇ ਰਹੀ ਸੀ। ਪਰ ਮੌਜੂਦਾ ਹਾਲਾਤ ਨੇ ਪਾਰਟੀ ਦੇ ਗ੍ਰਾਫ ਨੂੰ ਵੱਡਾ ਝਟਕਾ ਦਿੱਤਾ ਹੈ।ਤਾਜ਼ਾ ਸਿਆਸੀ ਹਲਚਲ ਮੁਤਾਬਕ, ਹਲਕਾ ਜੰਡਿਆਲਾ ਗੁਰੂ ਵਿੱਚ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਅੰਦਰੂਨੀ ਧੜੇਬੰਦੀ ਅਤੇ ਆਪਸੀ ਖਿੱਚੋਤਾਣ ਹੁਣ ਪੂਰੀ ਤਰ੍ਹਾਂ ਜਨਤਕ ਹੋ ਚੁੱਕੀ ਹੈ। ਜਥੇਬੰਦੀ ਦੇ ਆਗੂਆਂ ਅਤੇ ਵਰਕਰਾਂ ਵਿਚਾਲੇ ਸਾਫ਼ ਦਿਖਾਈ ਦੇ ਰਹੀ ਇਸ ਫੁੱਟ ਨੇ ਪਾਰਟੀ ਦੀ ਸਥਿਤੀ ਨੂੰ ਬੇਹੱਦ ਡਾਵਾਂਡੋਲ ਕਰ ਦਿੱਤਾ ਹੈ। ਰਾਜਨੀਤਿਕ ਮਾਹਰਾਂ ਮੁਤਾਬਕ, ਜਥੇਬੰਦੀ ਦੇ ਅੰਦਰ ਪੈਦਾ ਹੋਏ ਇਹ ਹਾਲਾਤ ਪਾਰਟੀ ਦੇ ਭਵਿੱਖ ਲਈ ਕੋਈ ਵਧੀਆ ਸੰਕੇਤ ਨਹੀਂ ਪੇਸ ਕਰ ਰਹੇ ।ਜਿੱਥੇ ਇੱਕ ਪਾਸੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਅੰਦਰੂਨੀ ਖਿਚੋਤਾਣ ਕਾਰਨ ਹਲਕੇ ਵਿੱਚ ਆਪਣੀ ਪਕੜ ਗੁਆ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਇਸ ਸਥਿਤੀ ਦਾ ਸਿੱਧਾ ਫਾਇਦਾ ਸੱਤਾਧਾਰੀ ਆਮ ਆਦਮੀ ਪਾਰਟੀ ਨੂੰ ਮਿਲਦਾ ਦਿਖਾਈ ਦੇ ਰਿਹਾ ਹੈ। ਵਿਰੋਧੀ ਧਿਰ ਦੀ ਇਸ ਕਮਜ਼ੋਰੀ ਕਾਰਨ ਜੰਡਿਆਲਾ ਗੁਰੂ ਵਿੱਚ 'ਆਪ' ਦੀ ਸਥਿਤੀ ਪਹਿਲਾਂ ਨਾਲੋਂ ਕਾਫੀ ਜ਼ਿਆਦਾ ਮਜ਼ਬੂਤ ਦਿਖਾਈ ਦੇ ਰਹੀ ਹੈ। ਜੇਕਰ ਆਮ ਲੋਕਾਂ ਦੀ ਗੱਲ ਕਰੀਏ ਤਾਂ ਉਨਾਂ ਦਾ ਕਹਿਣਾ ਹੈ ਕਿ ਬੇਹੱਦ ਸਹਿਰ ਤੇ ਇਲਾਕੇ ਦਾ ਵਿਕਾਸ ਹੋਇਆ ਹੈ ਇਹੀ ਸਭ ਦਾ ਅਸਰ ਹਲਕੇ ਦੇ ਮੌਜੂਦਾ ਸਿਆਸੀ ਮਾਹੌਲ ਨੂੰ ਦੇਖਦਿਆਂ ਇਹ ਸਾਫ਼ ਨਜ਼ਰ ਆ ਰਿਹਾ ਹੈ ਕਿ ਆਮ ਆਦਮੀ ਪਾਰਟੀ ਇੱਕ ਵਾਰ ਫਿਰ ਜੰਡਿਆਲਾ ਗੁਰੂ ਸੀਟ 'ਤੇ ਆਪਣੀ ਜਿੱਤ ਦਾ ਪਰਚਮ ਲਹਿਰਾਉਣ ਅਤੇ ਪੰਜਾਬ ਵਿੱਚ ਦੁਬਾਰਾ ਸਰਕਾਰ ਬਣਾਉਣ ਦੀ ਮੁੱਖ ਦਾਅਵੇਦਾਰ ਵਜੋਂ ਉੱਭਰ ਕੇ ਸਾਹਮਣੇ ਆ ਰਹੀ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਕੀ 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੇ ਆਗੂ ਸਮਾਂ ਰਹਿੰਦਿਆਂ ਆਪਣੀ ਸਥਿਤੀ ਨੂੰ ਸੰਭਾਲ ਪਾਉਂਦੇ ਹਨ ਜਾਂ ਫਿਰ 'ਆਪ' ਇਸ ਹਲਕੇ ਵਿੱਚ ਆਪਣਾ ਕਿਲ੍ਹਾ ਹੋਰ ਮਜ਼ਬੂਤ ਕਰ ਲਵੇਗੀ। ਅਤੇ ਨਰਾਜ ਹੋ ਚੁਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਰਾਜ ਹੋ ਚੁੱਕੇ ਸੇਵਾਦਾਰਾਂ ਨੂੰ ਆਪਣੀ ਗਲਵੱਕੜੀ ਲਵੇਗੀ !

ਮਿਸ਼ਨ 2027 ਦੀਆਂ ਤਿਆਰੀਆਂ ਨੇ ਫੜੀ ਰ.ਫਤਾਰ, ਹਲਕਾ ਪੱਟੀ ਵਿੱਚ 'ਆਪ' ਦੀ ਜਥੇਬੰਦਕ ਮਜ਼ਬੂਤੀ ਲਈ ਸਰਗਰਮ ਹੋਏ ਰਵਿੰਦਰ ਸਿੰਘ ਬ੍ਰਹਮਪੁਰਾ

ਪੱਟੀ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੀ ਸਿਆਸਤ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋਣ ਲੱਗੀਆਂ ਹਨ। ਇਸੇ ਦੌਰਾਨ ਹਲਕਾ ਪੱਟੀ ਵਿੱਚ ਆਮ ਆਦਮੀ ਪਾਰਟੀ ਦੀ ਜਥੇਬੰਦਕ ਤਾਕਤ ਨੂੰ ਹੋਰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣਾਂ ਲਈ ਜ਼ਮੀਨੀ ਪੱਧਰ 'ਤੇ ਲਾਮਬੰਦੀ ਕਰਨ ਵਾਸਤੇ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਸੀਨੀਅਰ ਆਗੂ ਆਮ ਆਦਮੀ ਪਾਰਟੀ ਵੱਲੋਂ ਪਿੰਡਾਂ ਵਿੱਚ ਵਰਕਰਾ ਨਾਲ ਸਿੱਧਾ ਸੰਪਰਕ ਸਥਾਪਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅੱਜ ਪਿੰਡ ਕੰਡਿਆਲਾ ਵਿਖੇ ਸਰਪੰਚ ਗੁਰਤੇਜ ਸਿੰਘ ਦੇ ਗ੍ਰਹਿ ਵਿਖੇ ਹੋਈ ਮੀਟਿੰਗ ਵਿੱਚ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਪਿੰਡ ਦੇ ਮੋਹਤਬਰਾਂ ਅਤੇ ਪਾਰਟੀ ਵਰਕਰਾ ਨਾਲ ਹਲਕੇ ਦੇ ਸਿਆਸੀ ਹਾਲਾਤ, ਪਾਰਟੀ ਦੀਆਂ ਜ਼ਮੀਨੀ ਸਰਗਰਮੀਆਂ ਅਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਅਗਵਾਈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਪੰਜਾਬ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ ਗਿਆ। ਵਿਚਾਰ-ਵਟਾਂਦਰੇ ਵਿੱਚ ਇਹ ਗੱਲ ਉੱਭਰ ਕੇ ਸਾਹਮਣੇ ਆਈ ਕਿ ਮਿਸ਼ਨ 2027 ਦੀ ਸਫ਼ਲਤਾ ਲਈ ਸਿਰਫ਼ ਚੋਣਾਂ ਸਮੇਂ ਸਰਗਰਮ ਹੋਣਾ ਕਾਫ਼ੀ ਨਹੀਂ, ਸਗੋਂ ਹਰ ਪਿੰਡ ਵਿੱਚ ਪਾਰਟੀ ਵਰਕਰਾਂ ਨਾਲ ਨਿਰੰਤਰ ਤਾਲਮੇਲ, ਲੋਕਾਂ ਦੇ ਮਸਲਿਆਂ ਦੀ ਸੁਣਵਾਈ ਅਤੇ ਮਜ਼ਬੂਤ ਜਥੇਬੰਦਕ ਢਾਂਚਾ ਤਿਆਰ ਕਰਨਾ ਲਾਜ਼ਮੀ ਹੈ।

ਰਵਿੰਦਰ ਸਿੰਘ ਬ੍ਰਹਮਪੁਰਾ ਨੇ ਸਾਥੀਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਨੂੰ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਤੱਕ ਲਿਜਾਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਅਤੇ ਲੋਕਪੱਖੀ ਸੋਚ ਨੂੰ ਹੋਰ ਮਜ਼ਬੂਤੀ ਨਾਲ ਲੋਕਾਂ ਤੱਕ ਲੈ ਕੇ ਜਾਣਾ ਸਮੇਂ ਦੀ ਲੋੜ ਹੈ।

ਨੈਸ਼ਨਲ ਸਕੂਲ ਗੇਮਜ਼ ਵਿੱਚ ਸੇਂਟ ਸੋਲਜਰ ਸਕੂਲ ਦੇ

ਈਸ਼ਦੀਪ ਸਿੰਘ ਨੇ ਚਮਕਾਇਆ ਪੰਜਾਬ ਦਾ ਨਾਮ



ਜੰਡਿਆਲਾ ਗੁਰੂ 30 ਅਕਤੂਬਰ (ਕੁਲਵੰਤ ਸਿੰਘ ਵਿਰਦੀ) ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਦੇ ਹੋਣਹਾਰ ਵਿਦਿਆਰਥੀ ਈਸ਼ਦੀਪ ਸਿੰਘ ਨੇ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਾਪਤੀ ਕਰਕੇ ਆਪਣੇ ਮਾਤਾ-ਪਿਤਾ, ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।23 ਤੋਂ 28 ਅਕਤੂਬਰ 2026 ਤੱਕ ਦਿੱਲੀ ਵਿਖੇ ਆਯੋਜਿਤ 70ਵੀਆਂ ਨੈਸ਼ਨਲ ਸਕੂਲ ਗੇਮਜ਼ ਗਤਕਾ ਚੈਂਪੀਅਨਸ਼ਿਪ 2026-27 ਵਿੱਚ ਸਕੂਲ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਈਸ਼ਦੀਪ ਸਿੰਘ ਨੇ ਪੰਜਾਬ ਦੀ ਨੁਮਾਇੰਦਗੀ ਕਰਦਿਆਂ ਫਰੀ ਸੋਟੀ ਦੇ ਟੀਮ ਵਰਗ ਵਿੱਚ ਤੀਜਾ ਸਥਾਨ ਹਾਸਲ ਕਰਕੇ ਕਾਂਸੀ ਦਾ ਤਗਮਾ ਜਿੱਤਿਆ। ਇਸ ਮੁਕਾਬਲੇ ਦੌਰਾਨ ਉਸ ਨੇ ਆਪਣੇ ਬੇਮਿਸਾਲ ਹੁਨਰ, ਅਨੁਸ਼ਾਸਨ, ਮਿਹਨਤ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮਾਣਮੱਤੀ ਪ੍ਰਾਪਤੀ ਤੋਂ ਬਾਅਦ ਈਸ਼ਦੀਪ ਸਿੰਘ ਦੀ ਵਾਪਸੀ ਮੌਕੇ ਸਕੂਲ ਪ੍ਰਬੰਧਨ ਵੱਲੋਂ ਅਤੇ ਸਾਰੇ ਸਕੂਲ ਵੱਲੋਂ ਉਸ ਦਾ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਸ਼ਾਨਦਾਰ ਸਵਾਗਤ ਕੀਤਾ ਗਿਆ। ਬੈਂਡ ਦੀ ਟੀਮ ਦੇ ਨਾਲ ਇਸਦੀਪ ਨੂੰ ਸਵਾਗਤੀ ਮੰਚ ਵੱਲ ਲਿਜਾਇਆ ਗਿਆ। ਜਿੱਥੇ ਸਾਰੇ ਬੱਚਿਆਂ ਵੱਲੋਂ ਤਾੜੀਆਂ ਨਾਲ ਉਸਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਉਪਰੰਤ ਢੋਲ ਦੀ ਥਾਪ ਅਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਉਸ ਨੂੰ ਘਰ ਤੱਕ ਪਹੁੰਚਾਇਆ ਗਿਆ। ਇਸ ਮੌਕੇ ਉਸ ਦੇ ਮਾਤਾ-ਪਿਤਾ ਦੇ ਚਿਹਰਿਆਂ 'ਤੇ ਖੁਸ਼ੀ ਅਤੇ ਮਾਣ ਦੀ ਝਲਕ ਦੇਖਣਯੋਗ ਸੀ। ਇਹ ਪਲ ਪਰਿਵਾਰ ਅਤੇ ਸਕੂਲ ਲਈ ਬੇਹੱਦ ਭਾਵੁਕ ਅਤੇ ਯਾਦਗਾਰੀ ਬਣ ਗਿਆ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਈਸ਼ਦੀਪ ਸਿੰਘ ਅਤੇ ਉਸ ਦੇ ਮਾਤਾ-ਪਿਤਾ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਨਾ ਸਿਰਫ਼ ਸਕੂਲ ਦਾ ਮਾਣ ਵਧਾਉਂਦੀਆਂ ਹਨ, ਸਗੋਂ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਬਣਦੀਆਂ ਹਨ। ਉਨ੍ਹਾਂ ਈਸ਼ਦੀਪ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦਿਆਂ ਉਸ ਨੂੰ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਅਮਰਪ੍ਰੀਤ ਕੌਰ ਜੀ ਨੇ ਕਿਹਾ ਕਿ ਈਸ਼ਦੀਪ ਸਿੰਘ ਦੀ ਇਹ ਪ੍ਰਾਪਤੀ ਸਮੁੱਚੇ ਸਕੂਲ ਪਰਿਵਾਰ ਲਈ ਬੇਹੱਦ ਮਾਣ ਵਾਲੀ ਗੱਲ ਹੈ। ਉਸ ਦੀ ਸਫਲਤਾ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਦ੍ਰਿੜ੍ਹ ਇਰਾਦੇ, ਸਖ਼ਤ ਮਿਹਨਤ ਅਤੇ ਸਹੀ ਮਾਰਗਦਰਸ਼ਨ ਨਾਲ ਵਿਦਿਆਰਥੀ ਰਾਸ਼ਟਰੀ ਪੱਧਰ 'ਤੇ ਵੀ ਆਪਣੀ ਵੱਖਰੀ ਪਛਾਣ ਬਣਾ ਸਕਦੇ ਹਨ।। ਇਸ ਮੌਕੇ ਸਕੂਲ ਪ੍ਰਬੰਧਨ ਵੱਲੋਂ ਗਤਕਾ ਕੋਚ ਸ. ਧਰਮ ਸਿੰਘ ਦੀ ਵਿਸ਼ੇਸ਼ ਸ਼ਲਾਘਾ ਕੀਤੀ ਗਈ, ਜਿਨ੍ਹਾਂ ਦੀ ਸਮਰਪਿਤ ਸਿਖਲਾਈ, ਯੋਗ ਅਗਵਾਈ ਅਤੇ ਲਗਾਤਾਰ ਹੌਸਲਾ-ਅਫ਼ਜ਼ਾਈ ਨੇ ਇਸ ਪ੍ਰਾਪਤੀ ਵਿੱਚ ਅਹਿਮ ਯੋਗਦਾਨ ਪਾਇਆ।ਇਸ ਦੇ ਨਾਲ ਹੀ ਸਕੂਲ ਦੇ ਅਧਿਆਪਕਾਂ ਜਸਬੀਰ ਸਿੰਘ, ਹਰਸਿਮਰਨ ਕੌਰ ਅਤੇ ਮਨਪ੍ਰੀਤ ਕੌਰ ਦੇ ਅਣਥੱਕ ਯਤਨਾਂ, ਸਹਿਯੋਗ ਅਤੇ ਸਮਰਪਣ ਦੀ ਵੀ ਭਰਪੂਰ ਪ੍ਰਸ਼ੰਸਾ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ,ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

ਅਜਿਹੀਆਂ ਪ੍ਰਾਪਤੀਆਂ ਨਾ ਸਿਰਫ਼ ਸਕੂਲ ਦਾ ਮਾਣ ਵਧਾਉਂਦੀਆਂ ਸਗੋਂ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਬਣਦੀਆਂ ਡਾ: ਮੰਗਲ ਸਿੰਘ ਕਿਸ਼ਨਪੁਰੀ

ਖ਼ਾਲਸਾ ਯੂਨੀਵਰਸਿਟੀ ਵਿਖੇ ਵਿਹਾਰਕ ਸਿੱਖਿਆ ਸਬੰਧੀ ਸੈਮੀਨਾਰ ਕਰਵਾਇਆ ਗਿਆ

ਅਕਾਦਮਿਕ ਗਿਆਨ ਦੇ ਨਾਲ-ਨਾਲ ਵਿਹਾਰਕ ਅਨੁਭਵ ਦੀ ਮਹੱਤਤਾ 'ਤੇ ਜ਼ੋਰ ਦਿੱਤਾ





ਅੰਮ੍ਰਿਤਸਰ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਵਿਦਿਆਰਥੀਆਂ ਨੂੰ ਕਲਾਸਰੂਮ ਦੀ ਸਿੱਖਿਆ ਤੋਂ ਅਗਾਂਹ ਵੱਧ ਕੇ ਖੇਤਰੀ ਅਧਿਐਨ, ਸਰਵੇਖਣ, ਤੱਥਾਂ ਦੀ ਪੜਤਾਲ ਅਤੇ ਦਸਤਾਵੇਜ਼ੀ ਕਹਾਣੀਆਂ ਰਾਹੀਂ ਸਮਾਜ ਨੂੰ ਸਮਝਣਾ ਚਾਹੀਦਾ ਹੈ। ਪੱਤਰਕਾਰੀ ਸਮਾਜ ਦੀਆਂ ਅਸਲ ਸਮੱਸਿਆਵਾਂ ਨੂੰ ਸਮਝਣ, ਲੋਕਾਂ ਦੀ ਆਵਾਜ਼ ਨੂੰ ਮੰਚ ਪ੍ਰਦਾਨ ਕਰਨ ਅਤੇ ਜਨਤਕ ਹਿੱਤਾਂ ਨਾਲ ਜੁੜੇ ਮੁੱਦਿਆਂ ਨੂੰ ਜ਼ਿੰਮੇਵਾਰੀ ਨਾਲ ਉਜਾਗਰ ਕਰਨ ਦਾ ਮਹੱਤਵਪੂਰਨ ਮਾਧਿਅਮ ਹੈ। ਇਨ੍ਹਾਂ ਸ਼ਬਦਾਂ ਦਾ ਇਜ਼ਹਾਰ ਖ਼ਾਲਸਾ ਯੂਨੀਵਰਸਿਟੀ ਦੇ ਪੱਤਰਕਾਰੀ ਵਿਭਾਗ ਵੱਲੋਂ "ਅਕਾਦਮਿਕ ਸਿੱਖਿਆ ਤੋਂ ਵਿਹਾਰਕ ਸਫ਼ਲਤਾ ਵੱਲ" ਵਿਸ਼ੇ 'ਤੇ ਕਰਵਾਏ ਗਏ ਸੈਮੀਨਾਰ ਦੌਰਾਨ ਉਪ-ਕੁਲਪਤੀ ਡਾ. ਮਹਿਲ ਸਿੰਘ ਨੇ ਕੀਤਾ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨਾਲ ਪੱਤਰਕਾਰੀ ਦੇ ਬਦਲਦੇ ਸਰੂਪ, ਸਮਾਜਿਕ ਸਰੋਕਾਰਾਂ, ਵਿਹਾਰਕ ਸਿਖਲਾਈ ਅਤੇ ਮੀਡੀਆ ਦੇ ਖੇਤਰ 'ਚ ਉੱਭਰ ਰਹੀਆਂ ਸੰਭਾਵਨਾਵਾਂ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਅਕਾਦਮਿਕ ਗਿਆਨ ਦੇ ਨਾਲ-ਨਾਲ ਵਿਹਾਰਕ ਅਨੁਭਵ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਦੌਰਾਨ ਅੰਮ੍ਰਿਤਸਰ ਦੀ ਇਤਿਹਾਸਕ, ਧਾਰਮਿਕ ਅਤੇ ਸੱਭਿਆਚਾਰਕ ਪਛਾਣ, ਸ੍ਰੀ ਹਰਿਮੰਦਰ ਸਾਹਿਬ ਨਾਲ ਜੁੜੀ ਵਿਰਾਸਤ, ਸ਼ਹਿਰ ਦੀਆਂ ਬੁਨਿਆਦੀ ਸਹੂਲਤਾਂ ਅਤੇ ਸਥਾਨਕ ਪੱਧਰ 'ਤੇ ਖੇਤਰੀ ਅਧਿਐਨ ਦੀ ਮਹੱਤਤਾ ਵਰਗੇ ਵਿਸ਼ਿਆਂ 'ਤੇ ਚਰਚਾ ਕੀਤੀ ਗਈ।ਇਸ ਦੇ ਨਾਲ ਹੀ ਚੋਣਾਂ ਅਤੇ ਲੋਕਤੰਤਰੀ ਪ੍ਰਕਿਰਿਆਵਾਂ ਦੀ ਰਿਪੋਰਟਿੰਗ, ਸਮਾਜਿਕ ਮੁੱਦਿਆਂ ਦੀ ਪੜਚੋਲ ਅਤੇ ਜਨਤਕ ਜੀਵਨ ਨਾਲ ਸਬੰਧਿਤ ਵਿਸ਼ਿਆਂ ਨੂੰ ਪੱਤਰਕਾਰੀ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਨ ਬਾਰੇ ਵੀ ਵਿਚਾਰ-ਵਟਾਂਦਰਾ ਹੋਇਆ।ਇਸ ਮੌਕੇ ਵਿਭਾਗ ਮੁਖੀ ਡਾ. ਸਾਨੀਆ ਮਰਵਾਹਾ ਨੇ ਕਿਹਾ ਕਿ ਸੈਮੀਨਾਰ ਦੌਰਾਨ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਅਤੇ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਵੀ ਅਹਿਮ ਵਿਸ਼ੇ ਰਹੇ। ਉਨ੍ਹਾਂ ਕਿਹਾ ਕਿ ਸੈਮੀਨਾਰ 'ਚ ਅਜੋਕੇ ਮੁਕਾਬਲੇਬਾਜ਼ੀ ਭਰੇ ਦੌਰ 'ਚ ਵਿਦਿਆਰਥੀਆਂ 'ਤੇ ਪੜ੍ਹਾਈ, ਅੰਕਾਂ ਅਤੇ ਭਵਿੱਖ ਦੀ ਚਿੰਤਾ ਕਾਰਨ ਪੈਣ ਵਾਲੇ ਦਬਾਅ, ਮਾਨਸਿਕ ਤਣਾਅ, ਸਮਾਜਿਕ ਸੰਪਰਕ ਮਾਧਿਅਮਾਂ ਦੇ ਪ੍ਰਭਾਵ ਅਤੇ ਨਿੱਜੀ ਜੀਵਨ 'ਚ ਪੈਦਾ ਹੋਣ ਵਾਲੀਆਂ ਅਨਿਸ਼ਚਿਤਤਾਵਾਂ ਸਬੰਧੀ ਵਿਚਾਰ ਵੀ ਸਾਂਝੇ ਕੀਤੇ ਗਏ। ਇਸ ਮੌਕੇ ਡਾ. ਮਹਿਲ ਸਿੰਘ ਨੇ ਵਿਦਿਆਰਥੀਆਂ ਦੇ ਹੁਨਰਾਂ ਨੂੰ ਨਿਖਾਰਨ, ਉਨ੍ਹਾਂ ਅੰਦਰ ਸੁਤੰਤਰ ਚਿੰਤਨ ਦੀ ਭਾਵਨਾ ਵਿਕਸਿਤ ਕਰਨ ਅਤੇ ਉਨ੍ਹਾਂ ਨੂੰ ਭਵਿੱਖ ਦੀਆਂ ਪੇਸ਼ੇਵਰ ਚੁਣੌਤੀਆਂ ਲਈ ਤਿਆਰ ਕਰਨ ਵਾਸਤੇ ਅਜਿਹੇ ਅਕਾਦਮਿਕ ਉਪਰਾਲਿਆਂ ਦੀ ਮਹੱਤਤਾ ਨੂੰ ਉਜਾਗਰ ਕੀਤਾ।ਉਨ੍ਹਾਂ ਵਿਦਿਆਰਥੀਆਂ ਨੂੰ ਪੱਤਰਕਾਰੀ ਦੇ ਖੇਤਰ ਨੂੰ ਸਿਰਫ ਰੁਜ਼ਗਾਰ ਦੇ ਸਾਧਨ ਵਜੋਂ ਨਹੀਂ, ਸਗੋਂ ਸਮਾਜ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਵਾਲੇ ਪੇਸ਼ੇ ਵਜੋਂ ਸਮਝਣ ਲਈ ਪ੍ਰੇਰਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਇੱਕ ਨਜ਼ਰ...



ਖਾਲਸਾ ਕਾਲਜ ਵਿਖੇ ਖੇਤੀਬਾੜੀ ਵਿਦਿਆਰਥੀਆਂ ਲਈ ਇੰਟਰਨਸ਼ਿਪ ਪ੍ਰੋਗਰਾਮ ਕਰਵਾਇਆ ਗਿਆ

ਰਵਾਇਤੀ ਗਿਆਨ ਦੇ ਨਾਲ ਆਧੁਨਿਕ ਤਕਨੀਕਾਂ ਅਤੇ ਉਦਯੋਗਿਕ ਹੁਨਰਾਂ ਦੀ ਜਾਣਕਾਰੀ ਹੋਣਾ ਬੇਹੱਦ ਜ਼ਰੂਰੀ : ਪ੍ਰਿੰ: ਡਾ. ਰੰਧਾਵਾ

ਅੰਮ੍ਰਿਤਸਰ, 30 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਖਾਲਸਾ ਕਾਲਜ ਦੇ ਖੇਤੀਬਾੜੀ ਵਿਭਾਗ ਦੁਆਰਾ ਕਰਵਾਏ ਗਏ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਐਫ. ਐਮ. ਸੀ. ਕੰਪਨੀ ਵੱਲੋਂ ਬੀ. ਐੱਸ. ਸੀ. (ਆਨਰਜ਼) ਐਗਰੀਕਲਚਰ ਦੇ ਅੰਤਿਮ ਸਾਲ ਦੇ 15 ਵਿਦਿਆਰਥੀਆਂ ਦੀ ਚੋਣ ਕੀਤੀ ਗਈ। ਇਸ ਦੌਰਾਨ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਕਿਹਾ ਕਿ ਅਜੋਕੇ ਸਮੇਂ 'ਚ ਖੇਤੀਬਾੜੀ ਦੇ ਖੇਤਰ 'ਚ ਰਵਾਇਤੀ ਗਿਆਨ ਦੇ ਨਾਲ-ਨਾਲ ਆਧੁਨਿਕ ਤਕਨੀਕਾਂ ਅਤੇ ਉਦਯੋਗਿਕ ਹੁਨਰਾਂ ਦੀ ਜਾਣਕਾਰੀ ਹੋਣਾ ਬੇਹੱਦ ਜ਼ਰੂਰੀ ਹੈ ਉਨ੍ਹਾਂ ਕਿਹਾ ਕਿ ਅਜਿਹੇ ਇੰਟਰਨਸ਼ਿਪ ਪ੍ਰੋਗਰਾਮ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ ਵਿਹਾਰਕ ਤਜਰਬਾ ਹਾਸਲ ਕਰਨ ਅਤੇ ਉਦਯੋਗਿਕ ਖੇਤਰ ਦੀਆਂ ਲੋੜਾਂ ਨੂੰ ਸਮਝਣ ਦਾ ਮੌਕਾ ਪ੍ਰਦਾਨ ਕਰਦੇ ਹਨ ।ਉਨ੍ਹਾਂ ਐਫ.ਐਮ.ਸੀ.ਕੰਪਨੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ 'ਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਰੁਜ਼ਗਾਰ ਦੇ ਮੌਕਿਆਂ ਨੂੰ ਵੀ ਵਧਾਉਂਦੀਆਂ ਹਨ। ਇਸ ਮੌਕੇ ਵਿਭਾਗ ਮੁਖੀ ਡਾ. ਗੁਰਬਖ਼ਸ਼ ਸਿੰਘ ਅਤੇ ਉਨ੍ਹਾਂ ਦੀ ਟੀਮ 'ਚ ਪਲੇਸਮੈਂਟ ਕੋਆਰਡੀਨੇਟਰ ਡਾ. ਲਵਲੀਨ ਕੌਰ ਅਤੇ ਸਹਾਇਕ ਪਲੇਸਮੈਂਟ ਕੋਆਰਡੀਨੇਟਰ ਡਾ. ਗੁਰਬੀਰ ਸਿੰਘ ਤੇ ਡਾ. ਸ਼ਿਲਪਾ ਰਾਣੀ ਵੱਲੋਂ ਉਲੀਕੇ ਉਕਤ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਵਿਦਿਆਰਥੀਆਂ ਨੇ ਖੇਤੀਬਾੜੀ ਉਦਯੋਗ ਨਾਲ ਸਬੰਧਿਤ ਹੁਨਰਾਂ ਨੂੰ ਵਿਕਸਿਤ ਕਰਨ 'ਚ ਦਿਲਚਸਪੀ ਦਿਖਾਈ। ਇਸ ਪ੍ਰੋਗਰਾਮ ਮੌਕੇ ਡਾ. ਗੁਰਬਖ਼ਸ਼ ਸਿੰਘ ਨੇ ਕਿਹਾ ਕਿ ਇਹ ਇੰਟਰਨਸ਼ਿਪ ਵਿਦਿਆਰਥੀਆਂ ਨੂੰ ਡਿਗਰੀ ਪੂਰੀ ਕਰਨ ਤੋਂ ਬਾਅਦ ਰੁਜ਼ਗਾਰ ਪ੍ਰਾਪਤ ਕਰਨ 'ਚ ਸਹਾਇਕ ਸਿੱਧ ਹੋਵੇਗੀ ਉਨ੍ਹਾਂ ਕਿਹਾ ਕਿ ਬੀ. ਐੱਸ. ਸੀ. (ਆਨਰਜ਼) ਐਗਰੀਕਲਚਰ ਦੇ ਵਿਦਿਆਰਥੀਆਂ ਲਈ ਇਹ ਸਿਖਲਾਈ ਪ੍ਰੋਗਰਾਮ ਖੇਤੀਬਾੜੀ ਨਾਲ ਸਬੰਧਿਤ ਸੰਸਥਾਵਾਂ, ਖੇਤਾਂ, ਖੇਤੀ ਕਾਰੋਬਾਰੀ ਅਦਾਰਿਆਂ, ਖੋਜ ਸੰਸਥਾਵਾਂ, ਪਸਾਰ ਸੇਵਾਵਾਂ ਨਾਲ ਜੁੜੀਆਂ ਏਜੰਸੀਆਂ, ਗੈਰ-ਸਰਕਾਰੀ ਸੰਸਥਾਵਾਂ (ਐਨ. ਜੀ. ਓਜ਼), ਫੂਡ ਪ੍ਰੋਸੈਸਿੰਗ ਯੂਨਿਟਾਂ ਅਤੇ ਖੇਤੀਬਾੜੀ ਇਨਪੁੱਟ ਕੰਪਨੀਆਂ 'ਚ ਖੋਜ ਕਰਨ ਦਾ ਵੀ ਇਕ ਮਹੱਤਵਪੂਰਨ ਮੰਚ ਹੈ। ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੂੰ ਖੇਤੀਬਾੜੀ ਦੇ ਵੱਖ-ਵੱਖ ਕਾਰਜਾਂ ਸਬੰਧੀ ਵਿਹਾਰਕ ਜਾਣਕਾਰੀ ਅਤੇ ਤਜਰਬਾ ਹਾਸਲ ਕਰਨ ਦਾ ਮੌਕਾ ਮਿਲਿਆ।ਇਸ ਮੌਕੇ ਡਾ. ਕੰਵਲਜੀਤ ਸਿੰਘ, ਡਾ. ਅਮਰਜੀਤ ਸਿੰਘ ਤੋਂ ਇਲਾਵਾ ਹੋਰ ਸਟਾਫ਼ ਵੀ ਹਾਜ਼ਰ ਸੀ।

ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ

21 ਨਵੰਬਰ ਨੂੰ ਆਯੋਜਿਤ ਕੀਤੀ ਜਾਣ ਵਾਲੀ ਵਿਸ਼ੇਸ਼ ਲੋਕ ਅਦਾਲਤ ਨੂੰ ਉਤਸ਼ਾਹਿਤ ਕਰਨ ਲਈ ਡੀ.ਐੱਲ.ਐੱਸ.ਏ. ਅੰਮ੍ਰਿਤਸਰ ਵੱਲੋਂ ਯਤਨ ਤੇਜ਼



ਅੰਮ੍ਰਿਤਸਰ, 30.ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਮਿਸ ਜਤਿੰਦਰ ਕੌਰ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ (ਡੀ.ਐੱਲ.ਐੱਸ.ਏ.), ਅੰਮ੍ਰਿਤਸਰ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ਾਂ ਹੇਠ, ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ 21 ਨਵੰਬਰ 2026 ਨੂੰ ਆਯੋਜਿਤ ਕੀਤੀ ਜਾਣ ਵਾਲੀ ਵਿਸ਼ੇਸ਼ ਲੋਕ ਅਦਾਲਤ ਸਬੰਧੀ ਜਾਗਰੂਕਤਾ ਫੈਲਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਪਹਿਲ ਦਾ ਉਦੇਸ਼ ਲੋਕ ਅਦਾਲਤ ਰਾਹੀਂ ਯੋਗ ਲੰਬਿਤ ਮਾਮਲਿਆਂ ਦਾ ਸੁਖਾਵੇਂ ਢੰਗ ਨਾਲ ਨਿਪਟਾਰਾ ਕਰਨ ਨੂੰ ਉਤਸ਼ਾਹਿਤ ਕਰਕੇ ਨਿਆਂ ਤੱਕ ਪਹੁੰਚ ਨੂੰ ਸੁਖਾਲਾ ਬਣਾਉਣਾ ਹੈ। ਵਿਸ਼ੇਸ਼ ਲੋਕ ਅਦਾਲਤ ਯੋਗ ਮੁਕੱਦਮਿਆਂ ਦੇ ਧਿਰਾਂ ਨੂੰ ਆਪਣੇ ਵਿਵਾਦ ਆਪਸੀ ਸਹਿਮਤੀ ਨਾਲ ਨਿਪਟਾਉਣ ਦਾ ਮੌਕਾ ਪ੍ਰਦਾਨ ਕਰਦੀ ਹੈ। ਇਸ ਨਾਲ ਲੰਬੀ ਕਾਨੂੰਨੀ ਪ੍ਰਕਿਰਿਆ ਦੌਰਾਨ ਲੱਗਣ ਵਾਲੇ ਸਮੇਂ, ਖ਼ਰਚੇ ਅਤੇ ਅਸੁਵਿਧਾ ਨੂੰ ਘਟਾਉਣ ਦੇ ਨਾਲ-ਨਾਲ ਨਿਆਂ ਪ੍ਰਣਾਲੀ ਨੂੰ ਵਧੇਰੇ ਸੁਖਾਲਾ ਅਤੇ ਲੋਕ-ਪੱਖੀ ਬਣਾਉਣ ਵਿੱਚ ਮਦਦ ਮਿਲਦੀ ਹੈ। ਮਿਸ ਜਤਿੰਦਰ ਕੌਰ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਡੀ.ਐੱਲ.ਐੱਸ.ਏ. ਅੰਮ੍ਰਿਤਸਰ ਨੇ ਯੋਗ ਮਾਮਲਿਆਂ ਨੂੰ ਇਸ ਪਹਿਲ ਅਧੀਨ ਵਿਚਾਰਨ ਲਈ ਨਿਆਂਪਾਲਿਕਾ, ਵਕੀਲ ਭਾਈਚਾਰੇ ਅਤੇ ਹੋਰ ਸਬੰਧਤ ਧਿਰਾਂ ਦੇ ਸਾਂਝੇ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ। ਉਨ੍ਹਾਂ ਨੇ ਵਕੀਲਾਂ ਅਤੇ ਮੁਕੱਦਮੇਬਾਜ਼ਾਂ ਨੂੰ ਇਸ ਪਹਿਲ ਬਾਰੇ ਜਾਣਕਾਰੀ ਰੱਖਣ ਅਤੇ ਇਸ ਦੇ ਉਦੇਸ਼ਾਂ ਦੀ ਪੂਰਤੀ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ। ਸ੍ਰੀ ਅਮਰਦੀਪ ਸਿੰਘ ਬੈਂਸ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਨੇ ਦੱਸਿਆ ਕਿ ਸਬੰਧਤ ਅਦਾਲਤਾਂ ਨੂੰ ਆਉਣ ਵਾਲੀ ਵਿਸ਼ੇਸ਼ ਲੋਕ ਅਦਾਲਤ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਅਤੇ ਲਾਗੂ ਦਿਸ਼ਾ-ਨਿਰਦੇਸ਼ਾਂ ਅਨੁਸਾਰ ਯੋਗ ਮਾਮਲਿਆਂ ਨੂੰ ਵਿਚਾਰਨ ਲਈ ਲੈਣ ਵਾਸਤੇ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਢੁਕਵੇਂ ਮਾਮਲਿਆਂ ਨੂੰ ਸਮੇਂ ਸਿਰ ਸੂਚੀਬੱਧ ਕਰਨ ਨਾਲ ਇਸ ਪਹਿਲ ਦਾ ਲਾਭ ਵੱਧ ਤੋਂ ਵੱਧ ਮੁਕੱਦਮੇਬਾਜ਼ਾਂ ਤੱਕ ਪਹੁੰਚਾਇਆ ਜਾ ਸਕੇਗਾ। ਡੀ.ਐੱਲ.ਐੱਸ.ਏ. ਅੰਮ੍ਰਿਤਸਰ ਵੱਲੋਂ ਖ਼ਾਸ ਤੌਰ 'ਤੇ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੀ ਧਾਰਾ 138 ਅਧੀਨ ਚੈੱਕ ਬਾਊਂਸ ਨਾਲ ਸਬੰਧਤ ਯੋਗ ਮਾਮਲਿਆਂ ਦੇ ਸ਼ਿਕਾਇਤਕਰਤਾਵਾਂ ਅਤੇ ਮੁਲਜ਼ਮਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਸੀ ਸਹਿਮਤੀ ਨਾਲ ਵਿਵਾਦ ਨਿਪਟਾਉਣ ਦੀ ਸੰਭਾਵਨਾ 'ਤੇ ਵਿਚਾਰ ਕਰਨ। ਨਿਰਧਾਰਤ ਪ੍ਰਕਿਰਿਆ ਅਨੁਸਾਰ ਸਬੰਧਤ ਅਦਾਲਤਾਂ ਵੱਲੋਂ ਯੋਗ ਮਾਮਲਿਆਂ ਨੂੰ ਵਿਚਾਰਿਆ ਜਾਵੇਗਾ। ਕੋਈ ਵੀ ਸਮਝੌਤਾ ਪੂਰੀ ਤਰ੍ਹਾਂ ਸਵੈ-ਇੱਛਾ ਨਾਲ ਅਤੇ ਕਾਨੂੰਨ ਅਨੁਸਾਰ ਹੋਣਾ ਲਾਜ਼ਮੀ ਹੈ; ਕਿਸੇ ਵੀ ਧਿਰ ਨੂੰ ਸਮਝੌਤਾ ਕਰਨ ਲਈ ਮਜਬੂਰ ਨਹੀਂ ਕੀਤਾ ਜਾ ਸਕਦਾ। ਜੇਕਰ ਸਮਝੌਤਾ ਨਹੀਂ ਹੁੰਦਾ, ਤਾਂ ਮਾਮਲੇ ਦੀ ਸੁਣਵਾਈ ਕਾਨੂੰਨ ਅਨੁਸਾਰ ਸਬੰਧਤ ਅਦਾਲਤ ਵਿੱਚ ਜਾਰੀ ਰਹੇਗੀ। ਡੀ.ਐੱਲ.ਐੱਸ.ਏ. ਅੰਮ੍ਰਿਤਸਰ ਵੱਲੋਂ ਆਮ ਜਨਤਾ, ਵਕੀਲਾਂ ਅਤੇ ਹੋਰ ਸਾਰੀਆਂ ਸਬੰਧਤ ਧਿਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਸ ਪਹਿਲ ਅਧੀਨ ਵੱਧ ਤੋਂ ਵੱਧ ਯੋਗ ਮਾਮਲਿਆਂ ਨੂੰ ਵਿਚਾਰਨ ਲਈ ਲਿਆਉਣ ਵਾਸਤੇ ਸਾਂਝੇ ਯਤਨ ਕੀਤੇ ਜਾਣ। ਲੋਕ ਅਦਾਲਤ ਰਾਹੀਂ ਲੰਬੀ ਕਾਨੂੰਨੀ ਪ੍ਰਕਿਰਿਆ ਤੋਂ ਬਚਣ ਅਤੇ ਇਸ ਨਾਲ ਜੁੜੇ ਖ਼ਰਚਿਆਂ ਨੂੰ ਘਟਾਉਣ ਦਾ ਮੌਕਾ ਮਿਲਦਾ ਹੈ। ਲੋਕ ਅਦਾਲਤ ਦੀ ਕਾਰਵਾਈ ਲਈ ਕੋਈ ਫ਼ੀਸ ਨਹੀਂ ਲਈ ਜਾਂਦੀ। ਜਿਨ੍ਹਾਂ ਮੁਕੱਦਮੇਬਾਜ਼ਾਂ ਦੇ ਮਾਮਲੇ ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵਿੱਚ ਲੰਬਿਤ ਹਨ, ਉਨ੍ਹਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਵਕੀਲਾਂ ਅਤੇ ਸਬੰਧਤ ਕਾਨੂੰਨੀ ਸੇਵਾਵਾਂ ਅਥਾਰਟੀਆਂ ਨਾਲ ਸੰਪਰਕ ਕਰਕੇ ਆਪਣੇ ਮਾਮਲਿਆਂ ਦੀ ਯੋਗਤਾ ਅਤੇ ਭਾਗ ਲੈਣ ਦੀ ਨਿਰਧਾਰਤ ਪ੍ਰਕਿਰਿਆ ਬਾਰੇ ਜਾਣਕਾਰੀ ਪ੍ਰਾਪਤ ਕਰਨ।

ਆਓ ਪੰਜਾਬੀ

ਸਿੱਖੀਏ ਅਤੇ ਸਿੱਖਾਈਏ

ਮਾਂ ਬੋਲੀ ਦਾ ਮਾਣ ਵਧਾਈਏ



★ ਜਾਰੀ ਕਰਤਾ ★

ਆਵਾਜ਼ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ ਕੌਮ

+447458381111 +447976210161 +919729091243